ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 6 ਨਵੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੨੧ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243



ਕ੍ਰਿਸਟੀਆਨੋ ਰੋਨਾਲਡੋ ਨੇ ਕੌਮਾਂਤਰੀ ਫੁੱਟਬਾਲ ਤੋਂ ਲਿਆ ਸੰਨਿਆਸ

ਨਵੀਂ ਦਿੱਲੀ, 5 ਨਵੰਬਰ (ਆਵਾਜ਼ਿ ਕੌਮ ਬਿਊਰੋ)- ਫੁੱਟਬਾਲ ਦੇ ਮਹਾਨ ਖਿਡਾਰੀਆਂ ਵਿੱਚੋਂ ਇੱਕ ਕ੍ਰਿਸਟੀਆਨੋ ਰੋਨਾਲਡੋ ਨੇ ਅੰਤਰਰਾਸ਼ਟਰੀ ਫੁੱਟਬਾਲ ਤੋਂ ਸੰਨਿਆਸ ਲੈ ਲਿਆ ਹੈ। ਵੀਰਵਾਰ, 5 ਨਵੰਬਰ ਨੂੰ, 41 ਸਾਲਾ ਰੋਨਾਲਡੋ ਨੇ ਸੋਸ਼ਲ ਮੀਡੀਆ 'ਤੇ ਇੱਕ ਵੀਡੀਓ ਜਾਰੀ ਕਰਕੇ ਆਪਣੇ ਫੈਸਲੇ ਦਾ ਐਲਾਨ ਕੀਤਾ। ਰੋਨਾਲਡੋ ਲਗਾਤਾਰ 23 ਸਾਲਾਂ ਤੱਕ ਪੁਰਤਗਾਲ ਟੀਮ ਦਾ ਹਿੱਸਾ ਰਹੇ। ਇਸ ਸਮੇਂ ਦੌਰਾਨ, ਉਨ੍ਹਾਂ ਨੇ ਆਪਣੇ ਦੇਸ਼ ਨੂੰ ਕਈ ਯਾਦਗਾਰੀ ਜਿੱਤਾਂ ਦਿਵਾਈਆਂ। ਆਪਣੀ ਸੰਨਿਆਸ ਦਾ ਐਲਾਨ ਕਰਦੇ ਹੋਏ, ਰੋਨਾਲਡੋ ਨੇ ਕਿਹਾ ਕਿ ਨਵੰਬਰ ਵਿੱਚ ਬ੍ਰੇਕ ਤੋਂ ਬਾਅਦ, ਉਹ ਪੁਰਤਗਾਲ ਟੀਮ ਦੀ ਜਰਸੀ ਨੰਬਰ 7 ਵਾਪਸ ਕਰ ਦੇਣਗੇ। ਉਨ੍ਹਾਂ ਕਿਹਾ ਕਿ ਇਹ ਜਰਸੀ ਪਹਿਨਣਾ ਉਨ੍ਹਾਂ ਲਈ ਮਾਣ ਵਾਲੀ ਗੱਲ ਹੈ। ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਇਹ ਜਰਸੀ ਪਹਿਨਣਾ ਇੱਕ ਵੱਡੀ ਜ਼ਿੰਮੇਵਾਰੀ ਹੈ। ਰੋਨਾਲਡੋ ਨੇ ਪੁਰਤਗਾਲ ਲਈ 234 ਅੰਤਰਰਾਸ਼ਟਰੀ ਮੈਚ ਖੇਡੇ, 146 ਗੋਲ ਕੀਤੇ।



ਡਬਲਿਨ-ਰੋਮ ਉਡਾਣ ਨੂੰ
ਬੰਬ ਨਾਲ ਉਡਾਉਣ ਦੀ ਮਿਲੀ ਧਮਕੀ

ਪੈਰਿਸ, 5 ਨਵੰਬਰ (ਆਵਾਜ਼ਿ ਕੌਮ ਬਿਊਰੋ)-ਆਇਰਲੈਂਡ ਤੋਂ ਇਟਲੀ ਜਾਣ ਵਾਲੀ ਇੱਕ ਉਡਾਣ ਨੂੰ ਬੰਬ ਦੀ ਧਮਕੀ ਮਿਲਣ ਤੋਂ ਬਾਅਦ ਵੀਰਵਾਰ ਨੂੰ ਪੱਛਮੀ ਫਰਾਂਸ ਦੇ ਇੱਕ ਫੌਜੀ ਹਵਾਈ ਅੱਡੇ ਵੱਲ ਮੋੜ ਦਿੱਤਾ ਗਿਆ। ਫਰਾਂਸੀਸੀ ਪ੍ਰਧਾਨ ਮੰਤਰੀ ਦਫ਼ਤਰ ਨੇ ਇਸ ਸਬੰਧੀ ਜਾਣਕਾਰੀ ਦਿੱਤੀ। ਜਹਾਜ਼ ਨੌਰਮੈਂਡੀ ਦੇ ਏਵਰੂ ਵਿੱਚ ਫੌਜੀ ਹਵਾਈ ਅੱਡੇ 'ਤੇ ਉਤਰੇਗਾ। ਪ੍ਰਧਾਨ ਮੰਤਰੀ ਸੇਬੇਸਟੀਅਨ ਲੇਕੋਰਨੂ ਦੇ ਦਫ਼ਤਰ ਨੇ ਕਿਹਾ ਕਿ ਉਹ ਸਥਿਤੀ 'ਤੇ ਨੇੜਿਓਂ ਨਜ਼ਰ ਰੱਖ ਰਿਹਾ ਹੈ। ਇਸ ਸਬੰਧੀ ਹੋਰ ਕੋਈ ਵੇਰਵੇ ਨਹੀਂ ਦਿੱਤੇ ਗਏ। ਇਕ ਉਡਾਣ ਟਰੈਕਿੰਗ ਵੈੱਬਸਾਈਟ ਦੇ ਅਨੁਸਾਰ ਏਰ ਲਿੰਗਸ ਡਬਲਿਨ-ਰੋਮ ਉਡਾਣ ਪੈਰਿਸ ਦੇ ਨੇੜੇ ਆ ਰਹੀ ਸੀ, ਜਦੋਂ ਇਸਨੇ ਅਚਾਨਕ ਰਸਤਾ ਬਦਲਿਆ ਅਤੇ ਏਵਰੂ ਵੱਲ ਜਾਣ ਤੋਂ ਪਹਿਲਾਂ ਕਈ ਵਾਰ ਚੱਕਰ ਲਗਾਇਆ। ਅਧਿਕਾਰੀਆਂ ਦੇ ਅਨੁਸਾਰ ਯੂਰਪ ਵਿੱਚ ਕਈ ਉਡਾਣਾਂ ਨੂੰ ਇਸ ਹਫ਼ਤੇ ਝੂਠੀਆਂ ਬੰਬ ਧਮਕੀਆਂ ਮਿਲੀਆਂ, ਜਿਸ ਕਾਰਨ ਉੱਡਦੇ ਜਹਾਜ਼ਾਂ ਦੀ ਤਲਾਸ਼ੀ ਲਈ ਗਈ, ਉਨ੍ਹਾਂ ਦੇ ਰੂਟ ਬਦਲੇ ਗਏ ਅਤੇ ਇੱਕ ਮਾਮਲੇ ਵਿੱਚ, ਇਤਾਲਵੀ ਹਵਾਈ ਸੈਨਾ ਦੇ ਲੜਾਕੂ ਜਹਾਜ਼ਾਂ ਨੇ ਉਨ੍ਹਾਂ ਨੂੰ ਐਸਕਾਰਟ ਕੀਤਾ। ਇਨ੍ਹਾਂ ਉਡਾਣਾਂ ਵਿੱਚ ਪੋਲਿਸ਼ ਏਅਰਲਾਈਨ LOT, ਸਕੈਂਡੇਨੇਵੀਅਨ ਏਅਰਲਾਈਨਜ਼, ਵਿਜ਼ ਏਅਰ ਅਤੇ ਰਾਇਨਏਅਰ ਦੀਆਂ ਉਡਾਣਾਂ ਸ਼ਾਮਲ ਸਨ। ਇਹ ਝੂਠੀਆਂ ਧਮਕੀਆਂ ਉਸ ਘਟਨਾ ਦੇ ਇੱਕ ਦਿਨ ਬਾਅਦ ਆਈਆਂ, ਜਦੋਂ ਬੁਲਗਾਰੀਆ ਜਾਣ ਵਾਲੇ ਇੱਕ ਜਹਾਜ਼ ਨੂੰ ਇਸੇ ਤਰ੍ਹਾਂ ਦੇ ਮੱਧ-ਹਵਾ ਬੰਬ ਦੀ ਧਮਕੀ ਮਿਲਣ ਤੋਂ ਬਾਅਦ ਹੰਗਰੀ ਵੱਲ ਮੋੜ ਦਿੱਤਾ ਗਿਆ। ਅਜਿਹੇ ਖ਼ਤਰੇ ਨਵੇਂ ਨਹੀਂ ਹਨ, ਪਰ ਇਹ ਯੂਰਪ ਵਿੱਚ ਵਧ ਰਹੇ ਭੂ-ਰਾਜਨੀਤਿਕ ਤਣਾਅ ਅਤੇ ਵਿਘਨਕਾਰੀ ਘਟਨਾਵਾਂ ਦੇ ਸੰਕੇਤਾਂ ਦੇ ਸਮੇਂ ਆਉਂਦੇ ਹਨ। ਇਨ੍ਹਾਂ ਵਿੱਚ ਸੁਪਰਮਾਰਕੀਟ ਰੈਫ੍ਰਿਜਰੇਸ਼ਨ ਸਿਸਟਮ 'ਤੇ ਹਮਲੇ, ਯੂਰਪ ਵਿੱਚ ਡਰੋਨ ਘੁਸਪੈਠ, ਅਤੇ ਇੱਕ ਮੋਬਾਈਲ ਚੇਤਾਵਨੀ ਐਪ ਦੀ ਰਹੱਸਮਈ ਸਰਗਰਮੀ ਸ਼ਾਮਲ ਹੈ। ਇਸ ਦੌਰਾਨ ਅਧਿਕਾਰੀਆਂ ਨੇ "ਹਾਈਬ੍ਰਿਡ" ਖਤਰਿਆਂ ਦੀ ਨਿਰੰਤਰ ਮੌਜੂਦਗੀ ਬਾਰੇ ਚੇਤਾਵਨੀ ਦਿੱਤੀ ਹੈ।



ਕਰਤਾਰਪੁਰ ਲਾਂਘਾ ਲਗਾਤਾਰ ਬੰਦ ਰਹਿਣ ਕਾਰਨ ਸਿੱਖ ਭਾਈਚਾਰੇ 'ਚ ਭਾਰੀ ਰੋਸ; ਕੇਂਦਰ ਸਰਕਾਰ ਨੂੰ ਕੀਤੀ ਖੋਲ੍ਹਣ ਦੀ ਮੰਗ

ਨਵੀਂ ਦਿੱਲੀ, 5 ਨਵੰਬਰ (ਆਵਾਜ਼ਿ ਕੌਮ ਬਿਊਰੋ)-ਗੁਰਦੁਆਰਾ ਦਰਬਾਰ ਸਾਹਿਬ ਕਰਤਾਰਪੁਰ (ਪਾਕਿਸਤਾਨ) ਲਈ ਸਿੱਖ ਸ਼ਰਧਾਲੂਆਂ ਦੀ ਆਵਾਜਾਈ ਵਾਲੇ 'ਕਰਤਾਰਪੁਰ ਲਾਂਘੇ' ਨੂੰ ਮਈ 2025 ਤੋਂ ਅਣਮਿੱਥੇ ਸਮੇਂ ਲਈ ਬੰਦ ਰੱਖੇ ਜਾਣ ਕਾਰਨ ਭਾਰਤ ਅਤੇ ਦੁਨੀਆ ਭਰ ਦੇ ਸਿੱਖ ਭਾਈਚਾਰੇ ਵਿੱਚ ਭਾਰੀ ਰੋਸ ਅਤੇ ਚਿੰਤਾ ਪਾਈ ਜਾ ਰਹੀ ਹੈ। ਬਿਨਾਂ ਵੀਜ਼ਾ ਧਾਰਮਿਕ ਦਰਸ਼ਨਾਂ ਲਈ ਸ਼ੁਰੂ ਕੀਤਾ ਗਿਆ ਇਹ ਲਾਂਘਾ ਬੰਦ ਹੋਣ ਨਾਲ ਹਜ਼ਾਰਾਂ ਸ਼ਰਧਾਲੂ ਆਪਣੇ ਪਵਿੱਤਰ ਧਾਰਮਿਕ ਅਸਥਾਨ ਦੇ ਦਰਸ਼ਨਾਂ ਤੋਂ ਵਾਂਝੇ ਹੋ ਰਹੇ ਹਨ। ਪੰਜਾਬ ਦੇ ਲੋਕਾਂ ਅਤੇ ਸ਼ਰਧਾਲੂਆਂ ਦੀਆਂ ਭਾਵਨਾਵਾਂ ਨੂੰ ਦੇਖਦਿਆਂ ਪੰਜਾਬ ਵਿਧਾਨ ਸਭਾ ਨੇ 27 ਅਕਤੂਬਰ 2026 ਨੂੰ ਇੱਕ ਵਿਸ਼ੇਸ਼ ਮਤਾ ਪਾਸ ਕੀਤਾ ਹੈ। ਇਸ ਮਤੇ ਰਾਹੀਂ ਪੰਜਾਬ ਦੇ ਚੁਣੇ ਹੋਏ ਨੁਮਾਇੰਦਿਆਂ ਨੇ ਕੇਂਦਰ (ਯੂਨੀਅਨ) ਸਰਕਾਰ ਨੂੰ ਅਪੀਲ ਕੀਤੀ ਹੈ ਕਿ ਕਰਤਾਰਪੁਰ ਲਾਂਘੇ ਨੂੰ ਤੁਰੰਤ ਖੋਲ੍ਹਿਆ ਜਾਵੇ ਅਤੇ ਸ਼ਰਧਾਲੂਆਂ ਲਈ ਦਰਸ਼ਨਾਂ ਦੀ ਪ੍ਰਕਿਰਿਆ ਨੂੰ ਸੁਖਾਲਾ ਬਣਾਇਆ ਜਾਵੇ। ਹਾਲਾਂਕਿ ਪੰਜਾਬ ਸਰਕਾਰ ਅਤੇ ਸਥਾਨਕ ਲੋਕ ਇਸ ਮੁੱਦੇ 'ਤੇ ਲਗਾਤਾਰ ਆਵਾਜ਼ ਉਠਾ ਰਹੇ ਹਨ, ਪਰ ਲਾਂਘਾ ਖੋਲ੍ਹਣ ਦਾ ਅੰਤਿਮ ਫੈਸਲਾ ਕੇਂਦਰ (ਨਵੀਂ ਦਿੱਲੀ) ਸਰਕਾਰ ਦੇ ਹੱਥ ਵਿੱਚ ਹੈ। ਮੋਦੀ ਸਰਕਾਰ ਵੱਲੋਂ ਰਾਸ਼ਟਰੀ ਸੁਰੱਖਿਆ ਦਾ ਹਵਾਲਾ ਦਿੱਤਾ ਜਾ ਰਿਹਾ ਹੈ, ਪਰ ਮਾਹਰਾਂ ਅਤੇ ਸ਼ਰਧਾਲੂਆਂ ਦਾ ਮੰਨਣਾ ਹੈ ਕਿ ਧਾਰਮਿਕ ਆਜ਼ਾਦੀ ਇੱਕ ਬੁਨਿਆਦੀ ਮਨੁੱਖੀ ਅਧਿਕਾਰ ਹੈ ਅਤੇ ਸੁਰੱਖਿਆ ਕਾਰਨਾਂ ਦੇ ਨਾਂ 'ਤੇ ਧਾਰਮਿਕ ਦਰਸ਼ਨਾਂ 'ਤੇ ਪੂਰਨ ਰੋਕ ਲਗਾਉਣ ਦੀ ਬਜਾਏ ਸਪੱਸ਼ਟ ਨਿਯਮ ਤੇ ਸ਼ਰਤਾਂ ਤੈਅ ਕੀਤੀਆਂ ਜਾਣੀਆਂ ਚਾਹੀਦੀਆਂ ਹਨ। ਪਾਕਿਸਤਾਨ ਨੇ ਵੀ ਕਿਹਾ ਹੈ ਕਿ ਉਹ ਸ਼ਰਧਾਲੂਆਂ ਨੂੰ ਦਰਸ਼ਨਾਂ ਦੀ ਇਜਾਜ਼ਤ ਦੇਣ ਅਤੇ ਧਾਰਮਿਕ ਸਾਂਝ ਵਧਾਉਣ ਦਾ ਪੱਖਧਰ ਹੈ।



ਪੰਜਾਬ ਦੇ ਮੁਲਾਜ਼ਮਾਂ ਨੇ ਠੁਕਰਾਇਆ ਮੁੱਖ ਮੰਤਰੀ ਮਾਨ ਦੇ 3 ਫੀਸਦ ਡੀਏ ਦਾ ਦੀਵਾਲੀ ਤੋਹਫਾ

ਚੰਡੀਗੜ੍ਹ, 5 ਨਵੰਬਰ (ਆਵਾਜ਼ਿ ਕੌਮ ਬਿਊਰੋ)-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਦੀਵਾਲੀ ਦੇ ਤੋਹਫ਼ੇ ਵਜੋਂ ਐਲਾਨੇ ਗਏ 3 ਫੀਸਦੀ ਮਹਿੰਗਾਈ ਭੱਤੇ (ਡੀ. ਏ.) ਦੇ ਵਾਧੇ ਤੋਂ ਸਰਕਾਰੀ ਮੁਲਾਜ਼ਮਾਂ ਦੀਆਂ ਜਥੇਬੰਦੀਆਂ ਸੰਤੁਸ਼ਟ ਨਹੀਂ ਹਨ। ਇਸ ਵਾਧੇ ਨੂੰ ਨਾਕਾਫ਼ੀ ਕਰਾਰ ਦਿੰਦਿਆਂ ਪੰਜਾਬ ਦੇ ਕਰੀਬ 4 ਲੱਖ ਮੁਲਾਜ਼ਮਾਂ ਅਤੇ 3.50 ਲੱਖ ਪੈਨਸ਼ਨਰਾਂ ਨੇ 13 ਨਵੰਬਰ ਤੋਂ ਮਹੀਨਾ ਭਰ ਚੱਲਣ ਵਾਲੇ ਸੂਬਾ ਪੱਧਰੀ ਅੰਦੋਲਨ ਦਾ ਐਲਾਨ ਕੀਤਾ ਹੈ। ਇਹ ਅੰਦੋਲਨ 13 ਦਸੰਬਰ ਨੂੰ ਸ਼ੰਭੂ ਤੋਂ ਅੰਮ੍ਰਿਤਸਰ ਤੱਕ ਮਨੁੱਖੀ ਲੜੀ ਬਣਾ ਕੇ ਸਮਾਪਤ ਕੀਤਾ ਜਾਵੇਗਾ। ਸਾਂਝੀ ਕੋਆਰਡੀਨੇਸ਼ਨ ਕਮੇਟੀ ਦੇ ਆਗੂਆਂ ਸੁਖਚੈਨ ਖਹਿਰਾ ਅਤੇ ਗੁਰਨਾਮ ਸਿੰਘ ਵਿਰਕ ਨੇ ਦੱਸਿਆ ਕਿ ਸੰਘਰਸ਼ ਦੀ ਸ਼ੁਰੂਆਤ 13 ਤੋਂ 19 ਨਵੰਬਰ ਤੱਕ ਸੰਗਰੂਰ ਵਿਖੇ ਪੱਕਾ ਧਰਨਾ ਲਗਾ ਕੇ ਕੀਤੀ ਜਾਵੇਗੀ। ਇਸ ਤੋਂ ਬਾਅਦ 1 ਤੋਂ 5 ਦਸੰਬਰ ਤੱਕ ਆਮ ਆਦਮੀ ਪਾਰਟੀ ਦੇ ਸਾਰੇ 91 ਵਿਧਾਇਕਾਂ ਦੇ ਘਰਾਂ ਅੱਗੇ ਰੋਸ ਪ੍ਰਦਰਸ਼ਨ ਕੀਤੇ ਜਾਣਗੇ ਅਤੇ ਪੁਤਲੇ ਫੂਕੇ ਜਾਣਗੇ। 6 ਦਸੰਬਰ ਨੂੰ ਇਨ੍ਹਾਂ ਪੁਤਲਿਆਂ ਦੀ ਸੁਆਹ ਬੁੱਢੇ ਨਾਲੇ ਵਿੱਚ ਜਲ-ਪ੍ਰਵਾਹ ਕੀਤੀ ਜਾਵੇਗੀ। ਮੁਲਾਜ਼ਮ ਆਗੂਆਂ ਨੇ ਕਿਹਾ ਕਿ ਸਰਕਾਰ ਵੱਲੋਂ 3 ਫੀਸਦੀ ਡੀਏ ਵਧਾ ਕੇ ਕੁੱਲ ਡੀਏ 53 ਫੀਸਦੀ ਕਰਨ ਦਾ ਐਲਾਨ ਕੀਤਾ ਗਿਆ ਹੈ, ਪਰ ਇਸ ਨਾਲ ਮੁਲਾਜ਼ਮਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਦਾ ਹੱਲ ਨਹੀਂ ਹੋਇਆ। ਸਰਕਾਰ ਦੇ ਇਸ ਫੈਸਲੇ ਨਾਲ ਹਰ ਮਹੀਨੇ ਕਰੀਬ 90 ਕਰੋੜ ਰੁਪਏ ਦਾ ਵਾਧੂ ਵਿੱਤੀ ਬੋਝ ਪਵੇਗਾ। ਪਹਿਲਾਂ ਐਲਾਨੇ 8 ਫੀਸਦੀ ਵਾਧੇ ਸਮੇਤ ਸਰਕਾਰ 'ਤੇ ਕੁੱਲ ਸਾਲਾਨਾ ਬੋਝ 3,988 ਕਰੋੜ ਰੁਪਏ ਹੋਵੇਗਾ। ਮੁਲਾਜ਼ਮ ਜਥੇਬੰਦੀਆਂ ਦੀਆਂ ਮੁੱਖ ਮੰਗਾਂ ਵਿੱਚ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨਾ, ਬਕਾਇਆ 10 ਫੀਸਦੀ ਡੀਏ ਜਾਰੀ ਕਰਨਾ, ਡੀਏ ਦੇ ਪਿਛਲੇ ਬਕਾਏ ਦਾ ਭੁਗਤਾਨ ਕਰਨਾ, ਛੇਵਾਂ ਤਨਖਾਹ ਕਮਿਸ਼ਨ ਲਾਗੂ ਕਰਨਾ, ਪੁਰਾਣੇ ਤਨਖਾਹ ਸਕੇਲ ਬਹਾਲ ਕਰਨਾ ਅਤੇ ਮੁਲਾਜ਼ਮ ਵਿਰੋਧੀ ਨੀਤੀਆਂ ਵਾਪਸ ਲੈਣਾ ਸ਼ਾਮਲ ਹੈ। ਇਸ ਦੌਰਾਨ ਮੁਲਾਜ਼ਮ ਆਗੂਆਂ ਨੇ ਮੀਡੀਆ ਸਾਹਮਣੇ ਪੁਰਾਣੀਆਂ ਵੀਡੀਓ ਕਲਿੱਪਾਂ ਦਿਖਾ ਕੇ ਸਰਕਾਰ ਦੇ ਦਾਅਵਿਆਂ 'ਤੇ ਵੀ ਸਵਾਲ ਚੁੱਕੇ। ਸੁਖਚੈਨ ਖਹਿਰਾ ਨੇ ਕਿਹਾ ਕਿ ਕਾਂਗਰਸ ਸਰਕਾਰ ਦੇ ਸਮੇਂ ਸਿਰਫ਼ 7 ਫੀਸਦੀ ਡੀਏ ਬਕਾਇਆ ਸੀ, ਜਦਕਿ ਅਕਾਲੀ-ਭਾਜਪਾ ਸਰਕਾਰ ਆਪਣੇ ਕਾਰਜਕਾਲ ਦੌਰਾਨ ਕੋਈ ਡੀਏ ਬਕਾਇਆ ਛੱਡ ਕੇ ਨਹੀਂ ਗਈ ਸੀ। ਉਨ੍ਹਾਂ ਦੋਸ਼ ਲਾਇਆ ਕਿ ਮੌਜੂਦਾ ਸਰਕਾਰ ਤਨਖਾਹ ਕਮਿਸ਼ਨ ਦੇ ਬਕਾਏ ਨੂੰ ਡੀਏ ਦੇ ਨਿਪਟਾਰੇ ਵਜੋਂ ਪੇਸ਼ ਕਰ ਰਹੀ ਹੈ। ਮੁਲਾਜ਼ਮ ਆਗੂਆਂ ਨੇ ਸਪੱਸ਼ਟ ਕੀਤਾ ਕਿ ਜਦੋਂ ਤੱਕ ਉਨ੍ਹਾਂ ਦੀਆਂ ਸਾਰੀਆਂ ਜਾਇਜ਼ ਮੰਗਾਂ ਪੂਰੀਆਂ ਨਹੀਂ ਹੁੰਦੀਆਂ, ਉਦੋਂ ਤੱਕ ਸੂਬਾ ਪੱਧਰੀ ਸੰਘਰਸ਼ ਜਾਰੀ ਰਹੇਗਾ।



ਦਲਜੀਤ ਸਿੰਘ ਦਾ ਪਿੰਡ ਭੰਮੇ ਕਲਾਂ ਵਿਖੇ ਹੋਇਆ ਅੰਤਿਮ ਸਸਕਾਰ, ਭੈਣ ਨੇ ਅਰਥੀ ਨੂੰ ਦਿੱਤਾ ਮੋਢਾ, ਮਾਹੌਲ ਗਮਗੀਨ




ਮਾਨਸਾ, 5 ਨਵੰਬਰ (ਆਵਾਜ਼ਿ ਕੌਮ ਬਿਊਰੋ)-ਮਾਨਸਾ ਜ਼ਿਲ੍ਹੇ ਦੇ ਪਿੰਡ ਭੰਮੇ ਕਲਾਂ ਦੇ ਰਹਿਣ ਵਾਲੇ ਦਲਜੀਤ ਸਿੰਘ ਦਾ ਪਰਿਵਾਰ ਵਲੋਂ ਅੰਤਿਮ ਸਸਕਾਰ ਕਰ ਦਿੱਤਾ ਗਿਆ ਹੈ। ਪੂਰਾ ਪਿੰਡ ਦਲਜੀਤ ਸਿੰਘ ਦੇ ਸਸਕਾਰ ਮੌਕੇ ਪੁੱਜਿਆ ਹੋਇਆ ਹੈ ਅਤੇ ਹਰ ਕਿਸੇ ਦੀ ਅੱਖ ਨਮ ਹੈ। ਦਲਜੀਤ ਸਿੰਘ ਦਾ ਸਸਕਾਰ ਪਿੰਡ ਭੰਮੇ ਕਲਾ ਵਿਖੇ ਹੀ ਕੀਤਾ ਗਿਆ। ਦਲਜੀਤ ਸਿੰਘ ਦੀ ਭੈਣ ਵਲੋਂ ਦਲਜੀਤ ਸਿੰਘ ਦੀ ਅਰਥੀ ਨੂੰ ਮੋਢਾ ਦਿੱਤਾ ਗਿਆ ਹੈ। ਪੂਰੇ ਪਰਿਵਾਰ ਦਾ ਰੋ-ਰੋ ਕੇ ਬੁਰਾ ਹਾਲ ਹੈ ਅਤੇ ਮਾਹੌਲ ਪੂਰੀ ਤਰ੍ਹਾਂ ਗਮਗੀਨ ਬਣਿਆ ਹੋਇਆ ਹੈ। ਪਰਿਵਾਰ ਦੇ ਹੰਝੂ ਰੁਕਣ ਦਾ ਨਾਂ ਨਹੀਂ ਲੈ ਰਹੇ। ਇਸ ਮੌਕੇ ਭਾਰੀ ਪੁਲਸ ਫੋਰਸ ਨੂੰ ਤਾਇਨਾਤ ਕੀਤਾ ਗਿਆ ਹੈ। ਦਲਜੀਤ ਦੇ ਪੁੱਤ ਵਲੋਂ ਉਸ ਦੀ ਚਿਤਾ ਨੂੰ ਮੁੱਖ ਅਗਨੀ ਦਿੱਤੀ ਗਈ। ਭੈਣ ਅਮਰਜੀਤ ਕੌਰ ਬੋਲੀ ਕਿ ਨਸ਼ੇ ਅਤੇ ਸਰਕਾਰ ਦੀ ਲਾਪਰਵਾਹੀ ਕਰਕੇ ਹੀ ਦਲਜੀਤ ਦੀ ਮੌਤ ਹੋਈ ਹੈ। ਉਹ ਸਾਡਾ ਇਕਲੌਤਾ ਭਰਾ ਸੀ। ਉਸ ਦੇ ਚਲੇ ਜਾਣ ਨਾਲ ਸਾਡੇ ਸਿਰ ਤੋਂ ਭਰਾ ਦਾ ਸਾਇਆ ਹਮੇਸ਼ਾ ਲਈ ਉੱਠ ਗਿਆ। ਉਨ੍ਹਾਂ ਕਿਹਾ ਕਿ ਸਰਕਾਰ ਜੇਕਰ ਕੁੱਝ ਕਰ ਸਕਦੀ ਹੈ ਤਾਂ ਨਸ਼ੇ ਨੂੰ ਲਗਾਮ ਪਾਵੇ ਤਾਂ ਜੋ ਦਲਜੀਤ ਵਾਂਗ ਕੋਈ ਹੋਰ ਨੌਜਵਾਨ ਨਸ਼ੇ ਦੀ ਭੇਟ ਨਾ ਚੜ੍ਹੇ। ਉਨ੍ਹਾਂ ਇਹ ਵੀ ਕਿਹਾ ਕਿ ਪੁਲਸ ਅਤੇ ਸਰਕਾਰ ਦਲਜੀਤ ਦੀ ਮੌਤ ਲਈ ਜ਼ਿੰਮੇਵਾਰ ਵਿਅਕਤੀਆਂ ਨੂੰ ਸਖ਼ਤ ਸਜ਼ਾ ਦੇਵੇ ਅਤੇ ਨਸ਼ੇ ਦੀ ਪਿੰਡ ਪਿੰਡ ਹੋ ਰਹੀ ਸਪਲਾਈ ਨੂੰ ਰੋਕੇ। ਜ਼ਿਕਰਯੋਗ ਹੈ ਕਿ 27 ਅਕਤੂਬਰ ਨੂੰ ਦਲਜੀਤ ਦੀ ਭੇਤਭਰੀ ਹਾਲਤ 'ਚ ਮੌਤ ਹੋ ਗਈ ਸੀ ਅਤੇ ਕੁੱਝ ਵਿਅਕਤੀ ਉਸ ਨੂੰ ਸੜਕ ਕਿਨਾਰੇ ਸੁੱਟ ਕੇ ਚਲੇ ਗਏ ਸੀ। ਪੁਲਸ ਨੇ ਉਸ ਦੀ ਮੌਤ ਨੂੰ ਲੈ ਕੇ ਤਿੰਨ ਵਿਅਕਤੀਆਂ 'ਤੇ ਇਰਾਦਾ ਕਤਲ ਦਾ ਮਾਮਲਾ ਦਰਜ ਕੀਤਾ, ਜਦੋਂ ਕਿ ਪਰਿਵਾਰ ਦਾ ਕਹਿਣਾ ਹੈ ਕਿ ਦਲਜੀਤ ਦੀ ਮੌਤ ਨਸ਼ੇ ਦੀ ਓਵਰਡੋਜ਼ ਨਾਲ ਹੋਈ ਹੈ। ਉਸ ਦਾ ਏਮਜ਼ ਬਠਿੰਡਾ ਅਤੇ ਬਾਅਦ 'ਚ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਹੁਕਮਾਂ ਤੇ ਪੀ. ਜੀ. ਆਈ. ਚੰਡੀਗੜ੍ਹ ਵਿਖੇ ਦੋ ਵਾਰ ਪੋਸਟਮਾਰਟਮ ਕਰਵਾਇਆ ਗਿਆ। ਉਸ ਦੇ ਅੰਤਿਮ ਸਸਕਾਰ ਮੌਕੇ ਪਿੰਡ 'ਚ ਪੁਲਸ ਦਾ ਪਹਿਰਾ ਲੱਗਿਆ ਰਿਹਾ ਅਤੇ ਬਾਹਰਲੇ ਵਿਅਕਤੀਆਂ ਨੂੰ ਉੱਥੇ ਆਉਣ ਜਾਣ ਨਹੀਂ ਦਿੱਤਾ ਗਿਆ। ਇਸ ਮੌਕੇ ਕਮਾਂਡੈਂਟ ਗੁਰਮੀਤ ਸਿੰਘ, ਐੱਸ. ਪੀ ਨਰਿੰਦਰ ਸਿੰਘ, ਡੀ. ਐੱਸ. ਪੀ ਹਰਵਿੰਦਰ ਸਿੰਘ ਸਰਾਂ, ਐੱਸ. ਐਚ.ਓ. ਝੁਨੀਰ ਗਣੇਸ਼ਵਰ ਕੁਮਾਰ, ਐੱਸ. ਐੱਚ. ਓ. ਸਰਦੂਲਗੜ੍ਹ ਪੁਸ਼ਪਿੰਦਰ ਕੌਰ ਆਦਿ ਹਾਜ਼ਰ ਸਨ।

3 ਮੰਜ਼ਿਲਾ ਇਮਾਰਤ ਡਿੱਗਣ ਦੇ ਮਾਮਲੇ 'ਚ CM ਰੇਖਾ ਗੁਪਤਾ ਵੱਡਾ ਐਕਸ਼ਨ



ਨਵੀਂ ਦਿੱਲੀ, 5 ਨਵੰਬਰ (ਆਵਾਜ਼ਿ ਕੌਮ ਬਿਊਰੋ)-ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਨੇ ਵੀਰਵਾਰ ਨੂੰ ਪੁਰਾਣੀ ਦਿੱਲੀ ਦੇ ਚਾਵੜੀ ਬਾਜ਼ਾਰ ਵਿੱਚ ਉਸਾਰੀ ਅਧੀਨ ਤਿੰਨ ਮੰਜ਼ਿਲਾ ਇਮਾਰਤ ਦੇ ਢਹਿ ਜਾਣ ਦੀ ਜਾਂਚ ਦੇ ਹੁਕਮ ਦਿੱਤੇ, ਜਿਸ ਵਿੱਚ ਦੋ ਲੋਕਾਂ ਦੀ ਮੌਤ ਹੋ ਗਈ ਅਤੇ ਪੰਜ ਹੋਰ ਜ਼ਖਮੀ ਹੋ ਗਏ। ਉਨ੍ਹਾਂ ਨੇ ਅਧਿਕਾਰੀਆਂ ਨੂੰ ਠੇਕੇਦਾਰ ਵਿਰੁੱਧ ਐਫਆਈਆਰ ਦਰਜ ਕਰਨ ਦੇ ਵੀ ਨਿਰਦੇਸ਼ ਦਿੱਤੇ। ਮੁੱਖ ਮੰਤਰੀ ਨੇ ਸਬੰਧਤ ਜੂਨੀਅਰ ਇੰਜੀਨੀਅਰ (ਜੇਈ) ਅਤੇ ਸਹਾਇਕ ਇੰਜੀਨੀਅਰ (ਏਈ) ਨੂੰ ਤੁਰੰਤ ਮੁਅੱਤਲ ਕਰਨ ਦੇ ਵੀ ਆਦੇਸ਼ ਦਿੱਤੇ। ਸੀਨੀਅਰ ਅਧਿਕਾਰੀਆਂ ਨਾਲ ਮੌਕੇ ਦਾ ਦੌਰਾ ਕਰਨ ਵਾਲੀ ਗੁਪਤਾ ਨੇ ਕਿਹਾ ਕਿ ਸੁਰੱਖਿਆ ਨਿਯਮਾਂ ਦੀ ਅਣਦੇਖੀ ਕਰਨ ਵਾਲੇ ਕਿਸੇ ਵੀ ਅਧਿਕਾਰੀ ਨੂੰ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਜਨਤਾ ਨੂੰ ਉਸਾਰੀ ਦੌਰਾਨ ਸੁਰੱਖਿਆ ਨਿਯਮਾਂ ਦੀ ਪਾਲਣਾ ਕਰਨ ਦੀ ਵੀ ਅਪੀਲ ਕੀਤੀ। ਗੁਪਤਾ ਨੇ ਕਿਹਾ, "ਇੱਥੇ ਜ਼ਮੀਨੀ ਮੰਜ਼ਿਲ ਵਾਲੀ ਦੋ ਮੰਜ਼ਿਲਾ ਇਮਾਰਤ ਦਾ ਨਿਰਮਾਣ ਚੱਲ ਰਿਹਾ ਸੀ। ਮਾਮਲੇ ਦੀ ਹੋਰ ਜਾਂਚ ਜਾਰੀ ਹੈ।" ਹਾਲਾਂਕਿ, ਨਗਰ ਨਿਗਮ ਨੇ ਆਪਣੇ ਜੇਈ ਅਤੇ ਏਈ ਨੂੰ ਮੁਅੱਤਲ ਕਰ ਦਿੱਤਾ ਹੈ, ਅਤੇ ਇਮਾਰਤ ਬਣਾਉਣ ਵਾਲੇ ਠੇਕੇਦਾਰ ਵਿਰੁੱਧ ਐਫਆਈਆਰ ਦਰਜ ਕਰ ਲਈ ਗਈ ਹੈ। ਉਨ੍ਹਾਂ ਕਿਹਾ, "ਜਿਸ ਤਰ੍ਹਾਂ ਲੋਕ ਆਪਣੇ ਘਰ ਬਣਾਉਂਦੇ ਸਮੇਂ ਸੁਰੱਖਿਆ ਨੂੰ ਨਜ਼ਰਅੰਦਾਜ਼ ਕਰ ਰਹੇ ਹਨ, ਉਹ ਉਨ੍ਹਾਂ ਦੀ ਆਪਣੀ ਜਾਨ ਲਈ ਖ਼ਤਰਨਾਕ ਹੈ। ਕੋਈ ਵੀ ਉਸਾਰੀ ਸੁਰੱਖਿਆ ਨੂੰ ਧਿਆਨ ਵਿੱਚ ਰੱਖ ਕੇ ਕੀਤੀ ਜਾਣੀ ਚਾਹੀਦੀ ਹੈ, ਅਤੇ ਕਿਸੇ ਵੀ ਅਧਿਕਾਰੀ ਨੂੰ ਲਾਪਰਵਾਹੀ ਵਾਲਾ ਪਾਇਆ ਗਿਆ, ਉਸਨੂੰ ਬਖਸ਼ਿਆ ਨਹੀਂ ਜਾਵੇਗਾ।" ਮੁੱਖ ਮੰਤਰੀ ਨੇ ਕਿਹਾ ਕਿ ਐਫਆਈਆਰ ਵਿੱਚ ਨਾਮਜ਼ਦ ਕਿਸੇ ਵੀ ਵਿਅਕਤੀ ਵਿਰੁੱਧ ਕਾਰਵਾਈ ਕੀਤੀ ਜਾਵੇਗੀ। ਸ਼ਹਿਰੀ ਵਿਕਾਸ ਮੰਤਰੀ ਆਸ਼ੀਸ਼ ਸੂਦ, ਜੋ ਗੁਪਤਾ ਦੇ ਨਾਲ ਮੌਕੇ 'ਤੇ ਗਏ ਸਨ, ਨੇ ਕਿਹਾ ਕਿ ਸਰਕਾਰ ਪੁਰਾਣੀ ਦਿੱਲੀ ਦੇ ਵਿਰਾਸਤੀ ਖੇਤਰਾਂ ਵਿੱਚ ਨਵੇਂ ਨਿਰਮਾਣ ਨਿਯਮਾਂ ਨੂੰ ਲਾਗੂ ਕਰਨ ਦੀ ਯੋਜਨਾ ਬਣਾ ਰਹੀ ਹੈ।


In commemoration of the
JOTI JOT DIVAS
of
Sri Guru Gobind Singh Ji Maharaj
Saturday 14th November 2026
5.30pm Rehraas Sahib
6.00pm Sri Dasam Granth Paath Bhog - Amandeep Singh
6.30pm Aarti Aarta - Bhai Sukhwinder Singh Ji (Sukhy Baba)
7.00pm Katha in English - Bhai Maan Singh Ji
7.30pm Mool Mantar Jaap - Bibi Harninder Kaur Ji
8.30pm (to Late) Kirtan Darbar
Attending: Bebe Nanaki Jatha, Bhai Abinash Singh Ji, Bhai Hardeep Singh Ji AKJ, Bhai Jaskeerat Singh Ji, Bibi Mandeep Kaur Ji AKJ, Bhai Sukhraj Singh Ji
LOCATION
Guru Nanak Gurdwara
Smethwick, B66 3AP
Main Hall Upstairs
GURU NANAK GURDWARA
SMETHWICK
For Details Contact
Jatinder Singh Bassi
07955 555840
Amandeep Singh
07490 031010
ਆਵਾਜ਼ਿ ਕੌਮ
AWAZE QAUM
International Newspaper & WEB TV







ਸਮੂਹ ਪੱਤਰਕਾਰਾਂ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੇ ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਗ਼ੈਰ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ ਨੂੰ ਛਾਪਣ ਤੋਂ ਅਸਮਰਥ ਹੋਵਾਂਗੇ। -ਭਾਈ ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ

ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਦਮਦਮਾ ਸਾਹਿਬ ਵਿਖੇ

ਪੰਜਵੇਂ ਸਾਹਿਤਕ ਮੇਲੇ ਦਾ ਦੂਜਾ ਦਿਨ ਸ਼ਾਨੋ ਸ਼ੌਕਤ ਨਾਲ ਸ਼ੁਰੂ

ਕੈਂਪਸ ਦੇ ਅਧਿਆਪਕ ਅਤੇ ਵਿਦਿਆਰਥੀ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਏ





ਤਲਵੰਡੀ ਸਾਬੋ, 5 ਨਵੰਬਰ (ਗੁਰਜੰਟ ਸਿੰਘ ਨਥੇਹਾ)- ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਵਾਈਸ ਚਾਂਸਲਰ ਡਾ. ਜਗਦੀਪ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਭਾਸ਼ਾਵਾਂ ਵਿਭਾਗ, ਸੋਸ਼ਲ ਸਾਇੰਸਜ਼ ਵਿਭਾਗ ਅਤੇ ਕੈਂਪਸ ਦੀ ਸਾਹਿਤ ਸਭਾ ਵੱਲੋਂ ਕਰਵਾਏ ਜਾ ਰਹੇ ਪੰਜਵੇਂ ਸਾਹਿਤਕ ਮੇਲੇ ਦੇ ਦੂਜੇ ਦਿਨ ਦੀ ਸ਼ੁਰੂਆਤ ਮੌਕੇ ਭਾਸ਼ਾਵਾਂ ਵਿਭਾਗ ਦੇ ਮੁਖੀ ਡਾ. ਸੰਦੀਪ ਰਾਣਾ ਅਤੇ ਸੋਸ਼ਲ ਸਾਇੰਸਜ਼ ਵਿਭਾਗ ਦੇ ਮੁਖੀ ਡਾ. ਅਮਨਦੀਪ ਸਿੰਘ ਸੇਖੋਂ ਨੇ ਆਏ ਹੋਏ ਬੁਲਾਰਿਆਂ ਅਤੇ ਮਹਿਮਾਨਾਂ ਦਾ ਤਹਿ ਦਿਲੋਂ ਸਵਾਗਤ ਕੀਤਾ। ਤੀਜੇ ਸੈਸ਼ਨ ਦਾ ਆਰੰਭ ਸ. ਜਗਜੀਤ ਸਿੰਘ ਸਿੱਧੂ ਸਮ੍ਰਿਤੀ ਬੈਠਕ ਨਾਲ ਹੋਇਆ। ਇਸ ਵਿੱਚ ਉਹਨਾਂ ਦੀ ਧੀ ਡਾ. ਰਾਜਮਹਿੰਦਰ ਕੌਰ ਨੇ ਆਪਣੇ ਪਿਤਾ ਦੀਆਂ ਯਾਦਾਂ ਨੂੰ ਤਾਜ਼ਾ ਕਰਦਿਆਂ ਵਿਦਿਆਰਥੀਆਂ ਨੂੰ ਸਾਹਿਤ ਨਾਲ ਜੁੜੇ ਰਹਿਣ ਦੀ ਪ੍ਰੇਰਨਾ ਦਿੱਤੀ। ਚੌਥੇ ਸੈਸ਼ਨ ਦਾ ਵਿਸ਼ਾ 'ਵਾਰਸ ਸ਼ਾਹ ਨਾ ਮੁੜਾਂਗੀ ਰਾਂਝਣੇ ਤੋਂ' ਰੱਖਿਆ ਗਿਆ ਅਤੇ ਇਸ ਸੈਸ਼ਨ ਵਿੱਚ ਪ੍ਰਿੰਸੀਪਲ ਤਰਲੋਕ ਬੰਧੂ, ਕੰਵਲਜੀਤ ਸਿੰਘ, ਲਵਪ੍ਰੀਤ ਫੇਰੋਕੇ ਅਤੇ ਗੁਰਪ੍ਰੀਤ ਆਰਟਿਸਟ ਨੇ ਮੁੱਖ ਬੁਲਾਰਿਆਂ ਵਜੋਂ ਸ਼ਿਰਕਤ ਕੀਤੀ। ਇਹਨਾਂ ਨੇ ਪੰਜਾਬੀ ਸਾਹਿਤ ਅਤੇ ਸੱਭਿਆਚਾਰਕ ਵਿਰਾਸਤ ਦੇ ਵੱਖ-ਵੱਖ ਪੱਖਾਂ 'ਤੇ ਚਾਨਣਾ ਪਾਇਆ। ਪੰਜਵਾਂ ਸੈਸ਼ਨ 'ਪੰਜਾਬ ਦੀ ਕਹਾਣੀ ਤੇ ਹਕੀਕਤ' ਵਿਸ਼ੇ ਨੂੰ ਸਮਰਪਿਤ ਰਿਹਾ। ਇਸ ਸੈਸ਼ਨ ਦੇ ਮੁੱਖ ਬੁਲਾਰੇ ਸੁਖਦਰਸ਼ਨ ਨੱਤ, ਤਸਕੀਨ, ਮਿੰਟੂ ਬਰਾੜ ਅਤੇ ਕੁਲਦੀਪ ਮਲਿਕ ਰਹੇ। ਇਹਨਾਂ ਨੇ ਪੰਜਾਬੀ ਕਹਾਣੀ ਦੇ ਬਦਲਦੇ ਸਰੂਪ ਅਤੇ ਸਮਕਾਲੀ ਸਮੱਸਿਆਵਾਂ ਦੇ ਸਾਹਿਤਕ ਪ੍ਰਗਟਾਵੇ ਬਾਰੇ ਵਿਚਾਰ ਸਾਂਝੇ ਕੀਤੇ। ਡਾ. ਅਮਨਦੀਪ ਸਿੰਘ ਸੇਖੋਂ, ਡਾ. ਮਨਮਿੰਦਰ ਕੌਰ, ਡਾ. ਸੁਖਦੀਪ ਕੌਰ ਵੱਲੋਂ ਸੰਚਾਲਕ ਦੀ ਭੂਮਿਕਾ ਬਾਖ਼ੂਬੀ ਨਿਭਾਈ ਗਈ। ਇਹਨਾਂ ਸੈਸ਼ਨਾਂ ਦੇ ਨਾਲ-ਨਾਲ ਸੱਭਿਆਚਾਰਕ ਪੇਸ਼ਕਾਰੀਆਂ ਅਤੇ ਪੇਂਟਿੰਗ ਮੁਕਾਬਲੇ ਵੀ ਕਰਵਾਏ ਗਏ। ਪੁਸਤਕ ਪ੍ਰਦਰਸ਼ਨੀਆਂ ਉੱਤੇ ਲੱਗੀ ਵਿਦਿਆਰਥੀਆਂ ਦੀ ਵੱਡੀ ਭੀੜ ਖਿੱਚ ਦਾ ਕੇਂਦਰ ਬਣੀ ਰਹੀ। ਅੰਤ ਵਿੱਚ 'ਸੁਖਨ ਦੇ ਵਾਰਿਸ' ਵਿਸ਼ੇ 'ਤੇ ਕਵੀ ਦਰਬਾਰ ਦੀ ਪ੍ਰਧਾਨਗੀ ਪਰਮਪ੍ਰੀਤ ਰਬਾਬ ਬਠਿੰਡਾ ਵੱਲੋਂ ਕੀਤੀ ਗਈ। ਇਸ ਵਿੱਚ ਕਵੀਆਂ ਨੇ ਆਪਣੀਆਂ ਰਚਨਾਵਾਂ ਰਾਹੀਂ ਮਨੁੱਖੀ ਸੰਵੇਦਨਾਵਾਂ, ਸਮਾਜਿਕ ਸਰੋਕਾਰਾਂ ਅਤੇ ਜੀਵਨ ਦੇ ਵੱਖ-ਵੱਖ ਅਨੁਭਵਾਂ ਨੂੰ ਕਾਵਿਕ ਅੰਦਾਜ਼ ਵਿੱਚ ਪੇਸ਼ ਕੀਤਾ। ਕੈਂਪਸ ਡਾਇਰੈਕਟਰ ਪ੍ਰੋਫੈਸਰ ਅਮਨਦੀਪ ਸਿੰਘ ਨੇ ਇਸ ਕਦਮ ਦੀ ਸ਼ਲਾਘਾ ਕਰਦਿਆਂ ਅਜਿਹੀਆਂ ਸਾਹਿਤਕ ਗਤੀਵਿਧੀਆਂ ਕਰਵਾਉਂਦੇ ਰਹਿਣ ਲਈ ਉਤਸ਼ਾਹਿਤ ਕੀਤਾ। ਇਸ ਦੌਰਾਨ ਕੈਂਪਸ ਦੇ ਅਧਿਆਪਕ ਅਤੇ ਵਿਦਿਆਰਥੀ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਏ।

ਆਵਾਜ਼ਿ ਕੌਮ AWAZE QAUM International Newspaper & WEB TV





ਆਵਾਜ਼ਿ ਕੌਮ AWAZE QAUM
International Newspaper & WEB TV

TPU - THE PANJAB UNIVERSE

LEARN | TRADE | GROW | EARN FOR LIFE

ਸਿੱਖੋ ਟਰੇਡਿੰਗ, ਬਦਲੋ ਆਪਣੀ ਜ਼ਿੰਦਗੀ

ਸਾਡੀਆਂ ਸੇਵਾਵਾਂ:

- 100% ਪ੍ਰੈਕਟੀਕਲ ਟਰੇਡਿੰਗ
- ਲਾਈਵ ਮਾਰਕੀਟ ਸਿਖਲਾਈ
- ਬਿਗਨਰ ਤੋਂ ਐਡਵਾਂਸ ਲੈਵਲ ਤੱਕ
- ਇਨਕਿਊਬੇਟਰ ਗਾਈਡੈਂਸ
- ਲਾਈਫ ਟਾਈਮ ਸਪੋਰਟ

ਕੋਰਸ ਵਿੱਚ ਸ਼ਾਮਲ:

- ਇੰਟਰਾਡੇ
- ਸਵਿੰਗ
- ਆਪਸ਼ਨ
- ਸਟਾਕ ਮਾਰਕੀਟ ਬੇਸਿਕ ਤੋਂ ਐਡਵਾਂਸ
- ਰਿਸਕ ਮੈਨੇਜਮੈਂਟ
- ਇਨਵੈਸਟਮੈਂਟ ਸਟ੍ਰੈਟਜੀ
- ਪ੍ਰੈਕਟੀਕਲ ਟਰੇਡਿੰਗ ਸਿਸਟਮ

ਆਵਾਜ਼ਿ ਕੌਮ AWAZE QAUM International Newspaper & WEB TV

ਆਪਣੇ ਹੁਨਰ ਨੂੰ ਪੈਸ਼ੇ ਵਿੱਚ ਬਦਲੋ

ਘਰ ਬੈਠੇ ਡਾਲਰ ਕਮਾਓ - ਆਪਣੇ ਬੱਚਿਆਂ ਨੂੰ ਵੀ
ਸ਼ਿਖਾ ਸਕਦੇ ਹੋ, ਉਹਨਾਂ ਦਾ ਭਵਿੱਖ ਸਵਾਰ ਸਕਦੇ ਹੋ

+91 76961 59766

Instagram: thepanjabuniverse / the.panjabuniverse (ਜਲੰਪਰ)

ਸਾਡਾ ਪਤਾ: Lambra near Jalandhar

ਪੰਥਕ ਏਕਤਾ ਨਾ ਹੋਣ ਦੀ ਸੂਰਤ ਵਿੱਚ ਪੰਥਕ ਅਕਾਲੀ ਦਲ

ਆਪਣੇ ਤਿੰਨੋਂ ਉਮੀਦਵਾਰ ਚੋਣ ਮੈਦਾਨ ਵਿੱਚ ਨਹੀਂ ਉਤਾਰੇਗਾ: ਸਾਬਕਾ ਜਥੇਦਾਰ ਭਾਈ ਜਸਵੀਰ ਸਿੰਘ ਰੋਡੇ

☛ 2027 ਦੀਆਂ ਚੋਣਾਂ ਪੰਥਕ ਧਿਰਾਂ ਵੱਲੋਂ ਇਕੱਠੇ ਹੋ ਕੇ ਲੜਨ ਦੀ ਅਪੀਲ; ਏਕਤਾ ਲਈ ਹਰ ਸੰਭਵ ਯਤਨ ਜਾਰੀ ☛ ਸੱਚਖੰਡ ਵਾਸੀ ਬਾਬਾ ਜੋਗਿੰਦਰ ਸਿੰਘ ਜੀ (ਪਿਤਾ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ) ਦੀ ਸਾਲਾਨਾ ਬਰਸੀ 18 ਨਵੰਬਰ 2026 ਨੂੰ ਪਿੰਡ ਰੋਡੇ ਵਿਖੇ ਮਨਾਈ ਜਾਵੇਗੀ



ਅੰਮ੍ਰਿਤਸਰ, 5 ਨਵੰਬਰ (ਆਵਾਜ਼ਿ ਕੌਮ ਬਿਊਰੋ)-ਪੰਥਕ ਅਕਾਲੀ ਦਲ ਦੇ ਸਰਪ੍ਰਸਤ ਸਾਬਕਾ ਜਥੇਦਾਰ ਭਾਈ ਜਸਵੀਰ ਸਿੰਘ ਰੋਡੇ ਨੇ ਆਉਣ ਵਾਲੀਆਂ 2027 ਦੀਆਂ ਚੋਣਾਂ ਸਬੰਧੀ ਅਹਿਮ ਬਿਆਨ ਦਿੰਦਿਆਂ ਕਿਹਾ ਕਿ ਪੰਥਕ ਅਕਾਲੀ ਦਲ ਦੀ ਇੱਛਾ ਹੈ ਕਿ ਸਮੁੱਚੀਆਂ ਪੰਥਕ ਧਿਰਾਂ ਇਕਜੁੱਟ ਹੋ ਕੇ ਚੋਣਾਂ ਲੜਨ। ਉਨ੍ਹਾਂ ਸਪੱਸ਼ਟ ਕੀਤਾ ਕਿ ਜੇਕਰ ਪੰਥਕ ਏਕਤਾ ਨਹੀਂ ਹੁੰਦੀ ਤਾਂ ਪੰਥਕ ਅਕਾਲੀ ਦਲ ਆਪਣੇ ਐਲਾਨੇ ਤਿੰਨੋਂ ਉਮੀਦਵਾਰਾਂ ਨੂੰ ਚੋਣ ਮੈਦਾਨ ਵਿੱਚ ਨਹੀਂ ਉਤਾਰੇਗਾ ਅਤੇ ਪਾਰਟੀ ਖੁਦ ਵੀ ਚੋਣ ਨਹੀਂ ਲੜੇਗੀ। ਭਾਈ ਜਸਵੀਰ ਸਿੰਘ ਰੋਡੇ ਨੇ ਕਿਹਾ ਕਿ ਪੰਥਕ ਏਕਤਾ ਸਮੇਂ ਦੀ ਲੋੜ ਹੈ। ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ਸੋਚ ਨਾਲ ਜੁੜੀਆਂ ਸਮੂਹ ਜਥੇਬੰਦੀਆਂ, ਆਗੂਆਂ ਅਤੇ ਵਰਕਰਾਂ ਨੂੰ ਆਪਣੇ ਨਿੱਜੀ ਮਤਭੇਦ ਅਤੇ ਹਉਮੈ ਛੱਡ ਕੇ ਇਕ ਮੰਚ 'ਤੇ ਇਕੱਠੇ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸੰਗਤਾਂ ਦੀ ਵੀ ਇਹੀ ਇੱਛਾ ਹੈ ਕਿ ਸਮੁੱਚਾ ਪੰਥ ਇਕਜੁੱਟ ਹੋ ਕੇ ਅੱਗੇ ਵਧੇ ਅਤੇ ਆਉਣ ਵਾਲੀਆਂ ਚੋਣਾਂ ਸਾਂਝੇ ਤੌਰ 'ਤੇ ਲੜੀਆਂ ਜਾਣ। ਉਨ੍ਹਾਂ ਦੱਸਿਆ ਕਿ ਪੰਥਕ ਅਕਾਲੀ ਦਲ ਵੱਲੋਂ ਸ਼ੁਰੂ ਤੋਂ ਹੀ ਪੰਥਕ ਏਕਤਾ ਲਈ ਲਗਾਤਾਰ ਮੀਟਿੰਗਾਂ ਅਤੇ ਯਤਨ ਕੀਤੇ ਜਾ ਰਹੇ ਹਨ। ਹੋਰ ਪੰਥਕ ਧਿਰਾਂ ਨਾਲ ਸੰਪਰਕ ਵੀ ਕੀਤਾ ਜਾ ਰਿਹਾ ਹੈ, ਪਰ ਅਜੇ ਤੱਕ ਇਸ ਸਬੰਧੀ ਸਾਰੀਆਂ ਧਿਰਾਂ ਵੱਲੋਂ ਪੂਰਾ ਹੁੰਗਾਰਾ ਨਹੀਂ ਮਿਲਿਆ। ਉਨ੍ਹਾਂ ਕਿਹਾ ਕਿ ਸਿਰਫ਼ ਏਕਤਾ ਦੀ ਗੱਲ ਕਰਨਾ ਕਾਫ਼ੀ ਨਹੀਂ, ਸਗੋਂ ਇਸ ਲਈ ਸਪੱਸ਼ਟ ਫੈਸਲਾ ਅਤੇ ਅਮਲੀ ਕਦਮ ਚੁੱਕਣੇ ਵੀ ਜ਼ਰੂਰੀ ਹਨ। ਉਨ੍ਹਾਂ ਸਮੂਹ ਪੰਥਕ ਆਗੂਆਂ ਨੂੰ ਅਪੀਲ ਕੀਤੀ ਕਿ ਕੋਈ ਵੀ ਧਿਰ ਆਪਣੇ ਝੰਡੇ, ਆਪਣੇ ਇਕੱਠ ਜਾਂ ਨਿੱਜੀ ਸਿਆਸੀ ਪ੍ਰਭਾਵ ਨੂੰ ਵੱਡਾ ਸਮਝ ਕੇ ਏਕਤਾ ਦੇ ਰਾਹ ਵਿੱਚ ਰੁਕਾਵਟ ਨਾ ਬਣੇ। ਜੇਕਰ ਸਾਰੀਆਂ ਧਿਰਾਂ ਇਕੱਠੀਆਂ ਹੋ ਜਾਂਦੀਆਂ ਹਨ ਤਾਂ ਸੰਗਤਾਂ ਵੀ ਇਸ ਸਾਂਝੇ ਯਤਨ ਨੂੰ ਪੂਰਾ ਸਹਿਯੋਗ ਦੇਣ ਲਈ ਤਿਆਰ ਹਨ। ਭਾਈ ਰੋਡੇ ਨੇ ਕਿਹਾ ਕਿ ਪੰਜਾਬ ਦੇ ਬਹੁਤ ਸਾਰੇ ਅਹਿਮ ਮਸਲੇ ਹਨ, ਜਿਨ੍ਹਾਂ ਨੂੰ ਪੰਥਕ ਅਤੇ ਸਾਂਝੀ ਸਿਆਸੀ ਤਾਕਤ ਰਾਹੀਂ ਉਠਾਇਆ ਜਾ ਸਕਦਾ ਹੈ। ਇਨ੍ਹਾਂ ਵਿੱਚ ਬੰਦੀ ਸਿੰਘਾਂ ਦੀ ਰਿਹਾਈ, ਕਿਸਾਨੀ ਮਸਲੇ, ਪੰਜਾਬ ਦੇ ਵਪਾਰ ਅਤੇ ਸੂਬੇ ਦੇ ਹੋਰ ਅਹਿਮ ਹਿੱਤ ਸ਼ਾਮਲ ਹਨ। ਉਨ੍ਹਾਂ ਅਨੁਸਾਰ ਜੇਕਰ ਸਾਂਝੀ ਤਾਕਤ ਬਣਦੀ ਹੈ ਤਾਂ ਇਨ੍ਹਾਂ ਮੁੱਦਿਆਂ ਨੂੰ ਵਿਧਾਨ ਸਭਾ ਅਤੇ ਹੋਰ ਜਮਹੂਰੀ ਮੰਚਾਂ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਉਠਾਉਣ ਦੇ ਯਤਨ ਕੀਤੇ ਜਾ ਸਕਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਸ੍ਰੀ ਦਰਬਾਰ ਸਾਹਿਬ ਵਿਖੇ ਲੰਗਰ ਸੇਵਾ, ਸੰਗਤਾਂ ਦਾ ਕੀਤਾ ਧੰਨਵਾਦ

ਇਸ ਤੋਂ ਪਹਿਲਾਂ 5 ਨਵੰਬਰ ਨੂੰ ਧੰਨ ਧੰਨ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ ਦੀ ਅਪਾਰ ਕਿਰਪਾ ਸਦਕਾ ਪੰਥਕ ਅਕਾਲੀ ਦਲ ਦੀ ਸਮੁੱਚੀ ਜਥੇਬੰਦੀ ਵੱਲੋਂ ਸ੍ਰੀ ਦਰਬਾਰ ਸਾਹਿਬ ਵਿਖੇ ਲੰਗਰ ਸੇਵਾ ਕੀਤੀ ਗਈ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰ ਕੇ ਗੁਰੂ ਘਰ ਦੀ ਸੇਵਾ ਵਿੱਚ ਆਪਣਾ ਯੋਗਦਾਨ ਪਾਇਆ। ਭਾਈ ਜਸਵੀਰ ਸਿੰਘ ਰੋਡੇ ਨੇ ਸੇਵਾ ਵਿੱਚ ਪਹੁੰਚੀਆਂ ਸਮੂਹ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਝੋਨੇ ਦੀ ਵਾਢੀ, ਮੰਡੀਆਂ ਵਿੱਚ ਫ਼ਸਲ ਪਹੁੰਚਣ ਅਤੇ ਕੰਬਾਈਨਾਂ ਦੇ ਰੁਝੇਵਿਆਂ ਦੇ ਬਾਵਜੂਦ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਪਹੁੰਚ ਕੇ ਸੇਵਾ ਕੀਤੀ। ਇਸ ਮੌਕੇ ਸੰਗਤਾਂ ਨੇ ਗੁਰੂ ਸਾਹਿਬ ਦੇ ਦਰਸ਼ਨ-ਦੀਦਾਰੇ ਕਰਨ ਦੇ ਨਾਲ-ਨਾਲ ਆਪਸੀ ਵਿਚਾਰ-ਵਟਾਂਦਰਾ ਵੀ ਕੀਤਾ।

18 ਨਵੰਬਰ ਨੂੰ ਪਿੰਡ ਰੋਡੇ ਵਿਖੇ ਬਰਸੀ ਸਮਾਗਮ

ਭਾਈ ਜਸਵੀਰ ਸਿੰਘ ਰੋਡੇ ਨੇ ਦੱਸਿਆ ਕਿ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਸਤਿਕਾਰਯੋਗ ਪਿਤਾ ਸੱਚਖੰਡ ਵਾਸੀ ਬਾਬਾ ਜੋਗਿੰਦਰ ਸਿੰਘ ਜੀ ਦੀ ਸਾਲਾਨਾ ਬਰਸੀ 18 ਨਵੰਬਰ 2026 ਨੂੰ ਪਿੰਡ ਰੋਡੇ ਵਿਖੇ ਮਨਾਈ ਜਾਵੇਗੀ। ਉਨ੍ਹਾਂ ਦੇਸ਼-ਵਿਦੇਸ਼ ਦੀਆਂ ਸਮੂਹ ਸੰਗਤਾਂ, ਪੰਥਕ ਜਥੇਬੰਦੀਆਂ ਅਤੇ ਵੱਖ-ਵੱਖ ਇਕਾਈਆਂ ਨੂੰ ਬਰਸੀ ਸਮਾਗਮ ਵਿੱਚ ਵੱਧ-ਚੜ੍ਹ ਕੇ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਹਰ ਸਾਲ ਬਾਬਾ ਜੀ ਦੀ ਬਰਸੀ ਮਨਾਈ ਜਾਂਦੀ ਹੈ ਅਤੇ ਇਸ ਵਾਰ ਵੀ ਸਮੂਹ ਸੰਗਤਾਂ ਨੂੰ ਸਮਾਂ ਕੱਢ ਕੇ ਸਮਾਗਮ ਵਿੱਚ ਹਾਜ਼ਰੀ ਭਰਨੀ ਚਾਹੀਦੀ ਹੈ। ਉਨ੍ਹਾਂ ਵਿਦੇਸ਼ਾਂ ਵਿੱਚ ਵੱਸਦੀਆਂ ਸੰਗਤਾਂ ਨੂੰ ਵੀ ਬੇਨਤੀ ਕੀਤੀ ਕਿ ਜਦੋਂ ਉਹ ਪੰਜਾਬ ਆਉਣ ਤਾਂ ਹਰ ਮਹੀਨੇ ਦੀ 5 ਤਰੀਕ ਨੂੰ ਸ੍ਰੀ ਦਰਬਾਰ ਸਾਹਿਬ ਵਿਖੇ ਦਰਸ਼ਨ ਕਰਨ ਲਈ ਜ਼ਰੂਰ ਪਹੁੰਚਣ। ਗੁਰੂ ਘਰ ਦੇ ਦਰਸ਼ਨ-ਦੀਦਾਰੇ ਅਤੇ ਸੰਗਤ ਨਾਲ ਮਿਲਵਰਤਣ ਨੂੰ ਜੀਵਨ ਦਾ ਅਹਿਮ ਹਿੱਸਾ ਬਣਾਉਣਾ ਚਾਹੀਦਾ ਹੈ।

ਪੰਥ ਦੀ ਚੜ੍ਹਦੀ ਕਲਾ ਲਈ ਜਪੁਜੀ ਸਾਹਿਬ ਦੇ ਪਾਠ ਦੀ ਅਪੀਲ

ਭਾਈ ਜਸਵੀਰ ਸਿੰਘ ਰੋਡੇ ਨੇ ਸਮੂਹ ਸੰਗਤਾਂ ਨੂੰ ਆਪਣੇ ਰੋਜ਼ਾਨਾ ਨਿਤਨੇਮ ਤੋਂ ਇਲਾਵਾ ਪੰਥ ਦੀ ਚੜ੍ਹਦੀ ਕਲਾ ਲਈ ਜਪੁਜੀ ਸਾਹਿਬ ਜੀ ਦਾ ਪਾਠ ਕਰਨ ਦੀ ਵੀ ਬੇਨਤੀ ਕੀਤੀ। ਉਨ੍ਹਾਂ ਕਿਹਾ ਕਿ ਚਾਹੇ ਕੋਈ ਪੰਜਾਬ ਵਿੱਚ ਰਹਿੰਦਾ ਹੈ ਜਾਂ ਦੇਸ਼-ਵਿਦੇਸ਼ ਦੇ ਕਿਸੇ ਵੀ ਹਿੱਸੇ ਵਿੱਚ, ਪੰਥ ਦੀ ਚੜ੍ਹਦੀ ਕਲਾ ਲਈ ਗੁਰਬਾਣੀ ਨਾਲ ਜੁੜਨਾ ਅਤੇ ਅਰਦਾਸ ਕਰਨੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ। ਅੰਤ ਵਿੱਚ ਉਨ੍ਹਾਂ ਸਮੂਹ ਸੰਗਤਾਂ ਦਾ ਧੰਨਵਾਦ ਕਰਦਿਆਂ ਗੁਰੂ ਸਾਹਿਬ ਅੱਗੇ ਸਰਬੱਤ ਦੇ ਭਲੇ, ਪੰਥਕ ਏਕਤਾ ਅਤੇ ਸਮੁੱਚੀ ਕੌਮ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ।

ਵਾਹਿਗੁਰੂ ਜੀ ਕਾ ਖਾਲਸਾ
ਵਾਹਿਗੁਰੂ ਜੀ ਕੀ ਫਤਿਹ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸਵਰਗਵਾਸੀ ਸੂਬੇਦਾਰ ਕਰਤਾਰ ਸਿੰਘ ਰੱਖੜਾ ਦੀ ਸਲਾਨਾ ਯਾਦ ਵਿੱਚ

ਜਥੇਦਾਰ ਬਲਜੀਤ ਸਿੰਘ ਦਾਦੂਵਾਲ ਸਮੇਤ ਅਨੇਕਾਂ ਪੰਥਕ ਸ਼ਖਸੀਅਤਾਂ ਨੇ ਸ਼ਰਧਾ ਦੇ ਫੁੱਲ ਭੇਂਟ ਕੀਤੇ














ਆਵਾਜ਼ਿ ਕੌਮ
AWAZE QAUM
International Newspaper & WEB TV





ਸਵਰਗਵਾਸੀ ਸੂਬੇਦਾਰ ਕਰਤਾਰ ਸਿੰਘ ਰੱਖੜਾ ਦੀ ਸਲਾਨਾ ਯਾਦ ਵਿੱਚ ਉਨਾਂ ਦੇ ਸਪੁੱਤਰਾਂ ਸਰਦਾਰ ਦਰਸ਼ਨ ਸਿੰਘ ਰੱਖੜਾ ,ਸਰਦਾਰ ਸੁਰਜੀਤ ਸਿੰਘ ਰੱਖੜਾ ,ਸਰਦਾਰ ਚਰਨਜੀਤ ਸਿੰਘ ਰੱਖੜਾ ਵੱਲੋਂ 5 ਨਵੰਬਰ 2026 ਨੂੰ ਸਲਾਨਾ ਬਰਸੀ ਸਮਾਗਮ ਕੀਤੇ ਗਏ ਜਿਸ ਵਿੱਚ ਧੁਰ ਕੀ ਬਾਣੀ ਦੇ ਸ੍ਰੀ ਅਖੰਡ ਪਾਠਾਂ ਦੇ ਭੋਗ ਪਾਏ ਗਏ ਉਪਰੰਤ ਰਾਗੀ ਸਿੰਘਾਂ ਵੱਲੋਂ ਰਸਭਿੰਨਾ ਕੀਰਤਨ ਕੀਤਾ ਗਿਆ ਅਤੇ ਆਈਆਂ ਸ਼ਖਸ਼ੀਅਤਾਂ ਵੱਲੋਂ ਸ਼ਰਧਾ ਦੇ ਫੁੱਲ ਭੇਂਟ ਕੀਤੇ ਗਏ ,ਵੱਡੀ ਗਿਣਤੀ ਵਿੱਚ ਸੰਤ ਮਹਾਂਪੁਰਖ ਧਾਰਮਿਕ ਰਾਜਨੀਤਿਕ ਆਗੂ ਸਾਹਿਬਾਨ ਸਿੱਖ ਸੰਗਤਾਂ ਸ਼ਾਮਿਲ ਹੋਈਆਂ।



ਚੰਦੂਆਂ-ਸ਼ੰਦੂਆਂ ਦੀ ਸੈਨਾ ਨਾਲ

ਵੱਡੀਆਂ ਲੜਾਈਆਂ ਨਹੀਂ ਲੜੀਆਂ ਜਾ ਸਕਦੀਆਂ-ਜੱਥੇਦਾਰ ਟੋਹੜਾ

ਪ੍ਰੇਮ ਸਿੰਘ ਚੰਦੂਮਾਜਰਾ ਨੇ ਸਿਆਸਤ ਵਿੱਚ ਇੱਕ ਵਾਰ ਫਿਰ ਪਾਲ਼ਾ ਬਦਲਣ ਦਾ ਐਲਾਨ ਕੀਤਾ ਹੈ ।ਇਸ ਮੌਕੇ ਨੇ ਮੈਨੂੰ ਜੱਥੇਦਾਰ ਗੁਰਚਰਨ ਸਿੰਘ ਟੋਹੜੇ ਨਾਲ ਹੋਈ ਇੱਕ ਪੁਰਾਣੀ ਗੱਲਬਾਤ ਦੀ ਯਾਦ ਤਾਜ਼ਾ ਕਰਵਾ ਦਿੱਤੀ ਹੈ ।1994 ਦੀ ਗੱਲ ਹੈ,ਉਸ ਵਕਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਪ੍ਰੋ ਮਨਜੀਤ ਸਿੰਘ ਦੇ ਯਤਨਾਂ ਸਦਕਾ ਅਕਾਲੀ ਧੜਿਆਂ ਵਿੱਚ ਏਕਤਾ ਤਹਿਤ ਅੰਮ੍ਰਿਤਸਰ ਅਕਾਲੀ ਦਲ ਦਾ ਗਠਨ ਕੀਤਾ ਗਿਆ ਸੀ ।ਪਰ ਪ੍ਰਕਾਸ਼ ਸਿੰਘ ਬਾਦਲ ਇਸ ਏਕਤਾ ਯਤਨਾਂ ਵਿੱਚ ਸ਼ਾਮਲ ਹੋਣ ਤੋਂ ਇਨਕਾਰੀ ਰਿਹਾ ਸੀ । ਮੈਂ ਅਤੇ ਮੇਰੇ ਦੋਸਤਾਂ ਭਾਅ ਜੀ ਕਰਮਜੀਤ ਸਿੰਘ ਅਤੇ ਜਸਪਾਲ ਸਿੰਘ ਢਿੱਲੋਂ ਨੂੰ ਅਕਾਲੀ ਲੀਡਰਾਂ ਨੂੰ ਬਾਦਲ ਖਿਲਾਫ ਇੱਕ ਜੁੱਟ ਰੱਖਣ ਲਈ ਬਹੁਤ ਕੋਸ਼ਿਸ਼ ਕਰਨੀ ਪੈ ਰਹੀ ਸੀ । ਇਕ ਦਿਨ ਸਾਨੂੰ ਸ਼ਾਮ ਵਕਤ ਖਬਰ ਮਿਲੀ ਕਿ ਇਕ ਵਿਆਹ ਸਮਾਗਮ ਵਿੱਚ ਬਾਦਲ ਅਤੇ ਟੋਹੜੇ ਦੀ ਗੁਪਤ ਮੀਟਿੰਗ ਦੌਰਾਨ ਆਪਸੀ ਸਮਝੌਤਾ ਹੋ ਗਿਆ ਹੈ ।ਸਾਡਾ ਸੋਚਣਾ ਸੀ ਕਿ ਜੱਥੇਦਾਰ ਟੋਹੜਾ ਦਾ ਬਾਦਲ ਅੱਗੇ ਇਹ ਸਮਰਪਣ ਅਕਾਲੀ ਸਿਆਸਤ ਲਈ ਗ੍ਰਹਿਣ ਸਾਬਿਤ ਹੋਵੇਗਾ । ਅਸੀਂ ਸ਼ਾਮ ਵਕਤ ਹੀ ਪਿੰਡ ਟੋਹੜਾ ਜਾ ਪੁੱਜੇ,ਲੰਬੀ ਗੱਲਬਾਤ ਹੋਈ,ਜੱਥੇਦਾਰ ਟੋਹੜਾ ਪੈਰਾਂ ਤੇ ਪਾਣੀ ਨਾ ਪੈਣ ਦੇਵੇ । ਮੈਂ ਗੁੱਸੇ ਵਿੱਚ ਆ ਕੇ ਜੱਥੇਦਾਰ ਟੋਹੜਾ ਨੂੰ ਹਕੀਕਤ ਬਿਆਨ ਕਰਦੇ ਹੋਏ ਕੁਝ ਕੋੜੇ ਸ਼ਬਦ ਵੀ ਕਹੇ । ਮੇਰੀਆਂ ਗੱਲਾਂ ਦਾ ਗੁੱਸਾ ਮੰਨਣ ਦੀ ਬਜਾਏ ਉਹਨਾਂ ਮੈਨੂੰ ਜੋ ਜਵਾਬ ਦਿੱਤਾ ਉਸੇ ਦਾ ਸਬੰਧ ਇਸ ਲਿਖਤ ਦਾ ਮਨੋਰਥ ਹੈ । ਬਾਦਲ ਨਾਲ ਸਿਆਸੀ ਲੜਾਈ ਵਿੱਚ ਆਪਣੀ ਅਸਮਰਥਤਾ ਜ਼ਾਹਰ ਕਰਦੇ ਉਨ੍ਹਾਂ ਮੈਨੂੰ ਕਿਹਾ " ਮੇਰੇ ਨਾਲ ਤੇਰੇ ਵਰਗੇ ਸ਼ਹੀਦ ਨਹੀ ਹਨ , ਮੇਰੇ ਕੋਲ ਚੰਦੂ-ਸ਼ੰਦੂਆਂ ਦੀ ਸੈਨਾ ਹੈ,ਜਿਹਨਾਂ ਨੂੰ ਨਾਲ ਲੈ ਕੇ ਵੱਡੀ ਲੜਾਈ ਨਹੀਂ ਲੜੀ ਜਾ ਸਕਦੀ।





ਪ੍ਰੇਮ ਸਿੰਘ ਚੰਦੂਮਾਜਰਾ ਅਕਾਲੀ ਸਿਆਸਤ ਦਾ ਉਹ ਗ.ਰਕਿਆ ਹੋਇਆ ਹਿੱਸਾ ਹੈ ,ਜਿਸ ਦੀ ਸਿਆਸਤ ਹਮੇਸ਼ਾ ਨਿੱਜੀ ਸਵਾਰਥਾਂ ਤੋਂ ਪ੍ਰੇਰਿਤ ਰਹੀ ਹੈ । ਇਹ ਵਿਅਕਤੀ ਹਮੇਸ਼ਾ ਦਿੱਲੀ ਦਰਬਾਰ ਦਾ ਵਫ਼ਾਦਾਰ ਕੁੱਤਾ ਬਣਕੇ ਰਿਹਾ ਹੈ । ਧਰਮ ਯੁੱਧ ਮੋਰਚੇ ਦੌਰਾਨ ਪ੍ਰੇਮ ਸਿੰਘ ਚੰਦੂਮਾਜਰੇ ਦੀ ਅਕਾਲੀ ਦਲ ਵਿੱਚ ਸ਼ਮੂਲੀਅਤ ਸਰਕਾਰ ਪ੍ਰਸਤ ਅਕਾਲੀ ਆਗੂਆਂ ਅਤੇ ਸਰਕਾਰੀ ਏਜੰਸੀਆਂ ਦੀ ਸਾਂਝੀ ਸਾਜਿਸ਼ ਤਹਿਤ ਅਕਾਲੀ ਦਲ ਦੇ ਯੂਥ ਵਿੰਗ ਦੇ ਗਠਨ ਮੌਕੇ ਹੋਈ ਸੀ । ਚੰਦੂਮਾਜਰਾ ਯੂਥ ਵਿੰਗ ਦਾ ਮੁੱਢਲਾ ਪ੍ਰਧਾਨ ਥਾਪਿਆ ਗਿਆ ਸੀ,ਉਸ ਤੋਂ ਪਹਿਲਾਂ ਉਸ ਦਾ ਸਬੰਧ ਖੱਬੇ ਪੱਖੀ ਵਿਦਿਆਰਥੀ ਸਿਆਸਤ ਨਾਲ ਜੁੜਿਆ ਰਿਹਾ ਸੀ। ਯੂਥ ਵਿੰਗ ਦੇ ਗਠਨ ਦਾ ਮੁੱਖ ਮਨੋਰਥ ਸਿੱਖ ਸਟੂਡੈਂਟਸ ਫੈਡਰੇਸ਼ਨ ਦੀ ਉਸ ਵਕਤ ਬਣ ਚੁੱਕੀ ਚੜ੍ਹਤ ਨੂੰ ਠੱਲ੍ਹਣ ਦੇ ਇਰਾਦੇ ਨਾਲ ਹੀ ਕੀਤਾ ਗਿਆ ਸੀ । ਉਸ ਤੋਂ ਬਾਅਦ ਭਾਵੇਂ ਚੰਦੂਮਾਜਰਾ ਹਮੇਸ਼ਾ ਅਕਾਲੀ ਸਿਆਸਤ ਦਾ ਹਿੱਸਾ ਬਣਿਆ ਰਿਹਾ,ਪਰ ਆਪਣੇ ਇਸ ਰਾਜਸੀ ਸਫਰ ਦੌਰਾਨ ਉਸਨੇ ਵਫ਼ਾਦਾਰੀਆਂ ਬਦਲਣ ਦਾ ਰਿਕਾਰਡ ਕਾਇਮ ਕੀਤਾ ਹੋਇਆ ਹੈ ।ਅਕਾਲੀ ਸਿਆਸਤ ਵਿੱਚ ਧੜੇਬੰਦਕ ਪਾਲੇਂ ਬਦਲਣ ਪਿੱਛੇ ਉਸਦਾ ਮਕਸਦ ਹਮੇਸ਼ਾ ਨਿੱਜੀ ਸਵਾਰਥ ਅਤੇ ਦਿੱਲੀ ਦਰਬਾਰ ਪ੍ਰਤੀ ਵਫ਼ਾਦਾਰੀ ਦੀ ਪਾਲਣਾ ਹੀ ਰਹੀ ਹੈ ।ਚੰਦੂਮਾਜਰਾ ਅਕਾਲੀ ਸਿਆਸਤ ਵਿੱਚ ਉਮਰਾਨੰਗਲ ,ਮਨਜੀਤ ਕਲਕੱਤਾ ,ਰਾਮੂੰਵਾਲੀਆ ਵਰਗੀਆਂ ਹੋਰ ਅਨੇਕਾਂ ਕਾਲੀਆ ਭੇਡਾਂ ਦੀ ਨਸਲ ਵਿੱਚ ਸ਼ੁਮਾਰ ਹੈ ।

ਆਵਾਜ਼ਿ ਕੌਮ AWAZE QAUM International Newspaper & WEB TV

ਪੁਨਰ ਸੁਰਜੀਤ ਅਕਾਲੀ ਦਲ ਵਿੱਚ ਇਸਦੀ ਸ਼ਮੂਲੀਅਤ ਹੀ ਇਸ ਧੜੇ ਲਈ ਗ੍ਰਹਿਣ ਸਾਬਤ ਹੋਈ ਹੈ ।ਪੁਨਰ ਸੁਰਜੀਤ ਧੜੇ ਦੀ ਵਾਰਿਸ ਪੰਜਾਬ ਨਾਲ ਏਕਤਾ ਵਿੱਚ ਚੰਦੂਮਾਜਰਾ ਦਾ ਮਾੜਾ ਕਿਰਦਾਰ ਹੀ ਮੁੱਖ ਰੁਕਾਵਟ ਬਣਿਆ ਰਿਹਾ । ਪੁਨਰ ਸੁਰਜੀਤ ਅਕਾਲੀ ਦਲ ਵਿੱਚ ਰਹਿੰਦਿਆਂ ਇਸ ਦਾ ਭਾਜਪਾ ਲੀਡਰਸ਼ਿਪ ਨਾਲ ਹਮੇਸ਼ਾ ਸੰਪਰਕ ਬਣਿਆ ਰਿਹਾ ਅਤੇ ਇਸ ਨੇ ਪੁਨਰ ਸੁਰਜੀਤ ਧੜੇ ਵਿੱਚ ਰਹਿ ਕੇ ਵਾਰਿਸ ਪੰਜਾਬ ਨਾਲ ਗਠਜੋੜ ਦੀ ਬਜਾਏ ਹਮੇਸ਼ਾ ਭਾਜਪਾ ਨਾਲ ਗੱਠਜੋੜ ਦੀ ਪੈਰਵੀ ਕੀਤੀ ਹੈ ।ਹੁਣ ਜਦੋਂ ਭਾਜਪਾ ਨੇ ਸਨੌਰ ਹਲਕੇ ਤੋਂ ਮੌਜੂਦਾ MLA ਨੂੰ ਪਾਰਟੀ ਵਿੱਚ ਸ਼ਾਮਲ ਕਰਵਾ ਲਿਆ ਹੈ ਤਾਂ ਉਸ ਕੋਲ ਕੇਵਲ ਬਾਦਲ ਦਲ ਵਿੱਚ ਸ਼ਮੂਲੀਅਤ ਦਾ ਰਸਤਾ ਬਚਿਆ ਹੈ । ਪੰਜਾਬ ਅਤੇ ਸਨੌਰ ਹਲਕੇ ਦੇ ਲੋਕਾਂ ਦਾ ਫਰਜ਼ ਬਣਦਾ ਕਿ ਚੰਦੂਮਾਜਰਾ ਭਾਵੇਂ ਕਿਸੇ ਵੀ ਪਾਰਟੀ ਵਿੱਚ ਸ਼ਾਮਲ ਹੋਵੇ,ਪਰ ਅਜਿਹੇ ਘਟੀਆ ਮਨੁੱਖ ਅਤੇ ਇਸ ਦੇ ਪ੍ਰਵਾਰ ਨੂੰ ਸ਼ਰਮਨਾਕ ਹਾਰ ਨਾਲ ਨਿਵਾਜਿਆ ਜਾਣਾ ਚਾਹੀਦਾ ਹੈ ।

ਸਤਨਾਮ ਸਿੰਘ ਸੰਧੂ ਦੀ ਪੁਸਤਕ 'ਗੁਰਦੁਆਰਾ ਸ੍ਰੀ ਲਖਪਤ ਸਾਹਿਬ: ਸੇਵਾ ਅਤੇ ਸੰਭਾਲ'

ਪ੍ਰਮੁੱਖ ਸ਼ਖਸ਼ੀਅਤਾਂ ਵੱਲੋਂ ਲੋਕ ਅਰਪਣ






ਨਵੀਂ ਦਿੱਲੀ, 5 ਨਵੰਬਰ (ਆਵਾਜ਼ਿ ਕੌਮ ਬਿਊਰੋ)-ਰਾਜ ਸਭਾ ਮੈਂਬਰ ਸ. ਸਤਨਾਮ ਸਿੰਘ ਸੰਧੂ ਦੀ ਪੁਸਤਕ 'ਗੁਰਦੁਆਰਾ ਸ੍ਰੀ ਲਖਪਤ ਸਾਹਿਬ: ਸੇਵਾ ਅਤੇ ਸੰਭਾਲ' ਅੱਜ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਖੇ ਗਿਆਨੀ ਰਘਬੀਰ ਸਿੰਘ, ਪ੍ਰੋ. ਮਨਜੀਤ ਸਿੰਘ ਅਤੇ ਸਿੱਖ ਸੰਤ ਸਮਾਜ ਦੇ ਨੁਮਾਇੰਦਿਆਂ ਨੇ ਲੋਕ ਅਰਪਣ ਕੀਤੀ।ਸਵਰਾਜ ਪਬਲੀਕੇਸ਼ਨ ਵੱਲੋਂ ਪੰਜਾਬੀ ਅਤੇ ਹਿੰਦੀ ਵਿੱਚ ਪ੍ਰਕਾਸ਼ਿਤ ਇਹ ਪੁਸਤਕ ਗੁਜਰਾਤ ਦੇ ਕੱਛ ਵਿੱਚ ਸਥਿਤ ਲਖਪਤ ਸਾਹਿਬ ਦੀ ਗੁਰੂ ਨਾਨਕ ਦੇਵ ਜੀ ਦੀਆਂ ਦੋ ਉਦਾਸੀਆਂ ਨਾਲ ਸਾਂਝ ਨੂੰ ਦਰਜ ਕਰਦੀ ਹੈ। ਗੁਰਦੁਆਰਾ ਲਖਪਤ ਸਾਹਿਬ ਕਮੇਟੀ ਦੇ ਪ੍ਰਧਾਨ ਭਾਈ ਜੁਗਰਾਜ ਸਿੰਘ ਰਾਜੂ ਮੁਤਾਬਕ ਇਹ ਇਸ ਗੁਰਧਾਮ ਦੇ ਇਤਿਹਾਸ ਅਤੇ ਸੰਭਾਲ ਨੂੰ ਸਮਰਪਿਤ ਪਹਿਲੀ ਪੁਸਤਕ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵਜੋਂ ਸੇਵਾ ਨਿਭਾ ਚੁੱਕੇ ਗਿਆਨੀ ਰਘਬੀਰ ਸਿੰਘ ਨੇ ਪੁਸਤਕ ਨੂੰ ਦੇਸ਼ ਦੀਆਂ ਪ੍ਰਮੁੱਖ ਭਾਸ਼ਾਵਾਂ ਵਿੱਚ ਪ੍ਰਕਾਸ਼ਿਤ ਕਰਨ ਦਾ ਸੱਦਾ ਦਿੱਤਾ, ਤਾਂ ਜੋ ਨਵੀਂ ਪੀੜ੍ਹੀ ਲਖਪਤ ਸਾਹਿਬ ਦੇ ਇਤਿਹਾਸ ਤੋਂ ਜਾਣੂ ਹੋ ਸਕੇ। ਉਨ੍ਹਾਂ ਸਿੱਖ ਰੈਫਰੈਂਸ ਲਾਇਬ੍ਰੇਰੀ ਦੀਆਂ ਇਤਿਹਾਸਕ ਹੱਥਲਿਖਤਾਂ, ਹੁਕਮਨਾਮਿਆਂ ਅਤੇ ਹੋਰ ਦਸਤਾਵੇਜ਼ਾਂ ਦੀ ਵਾਪਸੀ ਦਾ ਮਸਲਾ ਸੰਸਦ ਵਿੱਚ ਚੁੱਕਣ ਲਈ ਸ੍ਰੀ ਸੰਧੂ ਦੇ ਉਪਰਾਲੇ ਦੀ ਸ਼ਲਾਘਾ ਕੀਤੀ। ਪ੍ਰੋ.ਮਨਜੀਤ ਸਿੰਘ ਨੇ ਕਿਹਾ ਕਿ ਭੂਚਾਲ ਮਗਰੋਂ ਗੁਰਦੁਆਰੇ ਦਾ ਮੂਲ ਸਰੂਪ ਸਾਂਭਣਾ ਵਿਰਾਸਤ ਦੀ ਸੰਭਾਲ ਦੀ ਮਿਸਾਲ ਹੈ ਅਤੇ ਇਹ ਪੁਸਤਕ ਨੌਜਵਾਨਾਂ ਨੂੰ ਗੁਰੂ ਸਾਹਿਬਾਨ ਨਾਲ ਜੁੜੇ ਅਸਥਾਨਾਂ ਦਾ ਇਤਿਹਾਸ ਜਾਣਨ ਲਈ ਪ੍ਰੇਰੇਗੀ। ਸ. ਸੰਧੂ ਨੇ ਕਿਹਾ ਕਿ 1984 ਦੇ ਸਾਕਾ ਨੀਲਾ ਤਾਰਾ ਦੌਰਾਨ ਸ੍ਰੀ ਹਰਿਮੰਦਰ ਸਾਹਿਬ ਦੇ ਪਰਿਸਰ ਵਿੱਚ ਸਿੱਖ ਰੈਫਰੈਂਸ ਲਾਇਬ੍ਰੇਰੀ ਨੂੰ ਪੁੱਜਾ ਨੁਕਸਾਨ ਸਿੱਖ ਵਿਰਾਸਤ ਲਈ ਨਾ ਪੂਰਾ ਹੋਣ ਵਾਲਾ ਘਾਟਾ ਸੀ। ਉਨ੍ਹਾਂ ਕਿਹਾ ਕਿ ਜਿਨ੍ਹਾਂ ਹੱਥਲਿਖਤਾਂ, ਹੁਕਮਨਾਮਿਆਂ ਅਤੇ ਦਸਤਾਵੇਜ਼ਾਂ ਦਾ ਅਜੇ ਤੱਕ ਪਤਾ ਨਹੀਂ ਲੱਗਿਆ, ਉਨ੍ਹਾਂ ਦੀ ਭਾਲ ਕੀਤੀ ਜਾਵੇ। ਉਨ੍ਹਾਂ ਪਾਕਿਸਤਾਨ ਦੇ ਇਤਿਹਾਸਕ ਗੁਰਧਾਮਾਂ ਦੀ ਹਾਲਤ 'ਤੇ ਚਿੰਤਾ ਪ੍ਰਗਟਾਈ ਅਤੇ ਮਹਾਰਾਜਾ ਰਣਜੀਤ ਸਿੰਘ ਨਾਲ ਜੁੜੇ ਅਸਥਾਨਾਂ, ਦਸਤਾਵੇਜ਼ਾਂ ਅਤੇ ਵਿਰਾਸਤੀ ਵਸਤਾਂ ਨੂੰ ਸਾਂਭਣ ਦਾ ਸੱਦਾ ਦਿੱਤਾ। ਪੁਸਤਕ ਵਿੱਚ 2001 ਦੇ ਗੁਜਰਾਤ ਭੂਚਾਲ ਮਗਰੋਂ ਲਖਪਤ ਸਾਹਿਬ ਦਾ ਮੂਲ ਸਰੂਪ ਸਾਂਭਣ ਵਿੱਚ ਗੁਜਰਾਤ ਦੇ ਤਤਕਾਲੀ ਮੁੱਖ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਭੂਮਿਕਾ ਦਰਜ ਹੈ। ਸਿੱਖ ਸੰਗਤ, ਵਿਰਾਸਤ ਸੰਭਾਲ ਦੇ ਮਾਹਿਰਾਂ ਅਤੇ ਰਵਾਇਤੀ ਕਾਰੀਗਰਾਂ ਦੀ ਸ਼ਮੂਲੀਅਤ ਨਾਲ ਹੋਏ ਇਸ ਕਾਰਜ ਨੂੰ ਯੂਨੈਸਕੋ ਨੇ 2004 ਦੇ ਏਸ਼ੀਆ-ਪ੍ਰਸ਼ਾਂਤ ਸੱਭਿਆਚਾਰਕ ਵਿਰਾਸਤ ਸੰਭਾਲ ਪੁਰਸਕਾਰਾਂ ਵਿੱਚ 'ਐਵਾਰਡ ਆਫ ਡਿਸਟਿੰਕਸ਼ਨ' ਦਿੱਤਾ। ਸ. ਸੰਧੂ ਨੇ ਲਖਪਤ ਸਾਹਿਬ ਦੀ ਸੰਭਾਲ ਅਤੇ ਕਰਤਾਰਪੁਰ ਸਾਹਿਬ ਲਾਂਘੇ ਦੀ ਮਿਸਾਲ ਦਿੰਦਿਆਂ ਕਿਹਾ ਕਿ ਸ੍ਰੀ ਨਰਿੰਦਰ ਮੋਦੀ ਦੀ 'ਵਿਰਾਸਤ ਵੀ, ਵਿਕਾਸ ਵੀ' ਦੀ ਸੋਚ ਤਹਿਤ ਸਿੱਖ ਵਿਰਾਸਤ ਨਾਲ ਜੁੜੇ ਉਪਰਾਲਿਆਂ ਨੂੰ ਤਰਜੀਹ ਮਿਲੀ ਹੈ। ਲੋਕ ਅਰਪਣ ਸਮਾਗਮ ਵਿੱਚ ਸਿੱਖ ਸੰਗਤ ਨੇ ਲਖਪਤ ਸਾਹਿਬ ਦੀ ਸੰਭਾਲ ਵਿੱਚ ਪਾਏ ਯੋਗਦਾਨ ਲਈ ਸ੍ਰੀ ਨਰਿੰਦਰ ਮੋਦੀ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਦਾ ਧੰਨਵਾਦ ਕੀਤਾ। ਗੁਰਦੁਆਰਾ ਲਖਪਤ ਸਾਹਿਬ ਕਮੇਟੀ ਦੇ ਪ੍ਰਧਾਨ ਭਾਈ ਜੁਗਰਾਜ ਸਿੰਘ ਰਾਜੂ ਰਾਹੀਂ ਗੁਜਰਾਤ ਨੂੰ ਇੱਕ ਪ੍ਰਸ਼ੰਸਾ ਪੱਤਰ ਵੀ ਭੇਜਿਆ ਗਿਆ। ਇਸ ਮੌਕੇ ਭਾਈ ਜੁਗਰਾਜ ਸਿੰਘ ਰਾਜੂ ਨੂੰ ਗੁਰਧਾਮ ਦੀ ਸੰਭਾਲ ਲਈ 'ਸਿੱਖ ਵਿਰਾਸਤ ਸੇਵਾ ਸੰਭਾਲ ਸਨਮਾਨ' ਦਿੱਤਾ ਗਿਆ। ਉਨ੍ਹਾਂ ਦੱਸਿਆ ਕਿ ਰਾਜਸਥਾਨ, ਮੱਧ ਪ੍ਰਦੇਸ਼ ਅਤੇ ਪੰਜਾਬ ਦੇ ਕਾਰੀਗਰਾਂ ਨੇ ਰਵਾਇਤੀ ਸਮੱਗਰੀ ਵਰਤ ਕੇ ਗੁਰਦੁਆਰੇ ਦਾ ਮੂਲ ਸਰੂਪ ਸਾਂਭਣ ਵਿੱਚ ਯੋਗਦਾਨ ਪਾਇਆ। ਸਮਾਗਮ ਵਿੱਚ ਸਿੱਖ ਵਿਦਵਾਨ ਡਾ. ਹਰਪਾਲ ਸਿੰਘ ਪੰਨੂ, ਸ਼੍ਰੋਮਣੀ ਕਮੇਟੀ ਦੇ ਮੈਂਬਰ ਚਰਨਜੀਤ ਸਿੰਘ ਕਾਲੇਵਾਲ, ਦਮਦਮੀ ਟਕਸਾਲ ਦੇ ਭਾਈ ਮੋਹਕਮ ਸਿੰਘ, ਸਾਬਕਾ ਵਾਈਸ ਚਾਂਸਲਰ ਡਾ. ਆਰ. ਐੱਸ. ਬਾਵਾ, ਪੰਚਾਇਤੀ ਅਖਾੜਾ ਨਿਰਮਲ ਦੇ ਸਕੱਤਰ ਮਹੰਤ ਜਗਤਾਰ ਸਿੰਘ, ਜਥੇਦਾਰ ਦਵਿੰਦਰ ਸਿੰਘ ਨਾਮਧਾਰੀ, ਨਿਰਮਲਾ ਪੰਥ ਦੇ ਸੰਤ ਬਾਬਾ ਤੇਜਾ ਸਿੰਘ, ਸਤਲਾਣੀ ਸਾਹਿਬ ਵਾਲੇ ਬਾਬਾ ਗੁਰਪਿੰਦਰ ਸਿੰਘ ਅਤੇ ਕਾਰ ਸੇਵਾ ਸਰਹਾਲੀ ਸਾਹਿਬ ਦੇ ਸੰਤ ਬਾਬਾ ਹਾਕਮ ਸਿੰਘ ਹਾਜ਼ਰ ਸਨ। ਇਸ ਮੌਕੇ ਬਾਬਾ ਮੇਜਰ ਸਿੰਘ, ਭੂਰੀ ਵਾਲੇ ਬਾਬਾ ਜੀ, ਕੁਲੀ ਵਾਲੇ ਬਾਬਾ ਗੁਰਦੇਵ ਸਿੰਘ, ਨਿਰਮਲੇ ਸੰਤ ਵੇਦ ਮਹੰਤ ਅਮਰੀਕ ਸਿੰਘ, ਸੁਲਤਾਨਪੁਰ ਲੋਧੀ ਦੇ ਗਿਆਨੀ ਗੁਰਜੰਟ ਸਿੰਘ, ਯੂਨਾਈਟਿਡ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪ੍ਰਧਾਨ ਜੁਗਰਾਜ ਸਿੰਘ ਮਝੈਲ, ਪ੍ਰੋ. ਅਮਰ ਸਿੰਘ, ਮੰਜੀ ਸਾਹਿਬ ਦੇ ਗਿਆਨੀ ਨਵਤੇਜ ਸਿੰਘ, ਲੋਕਦੀਪ ਸਿੰਘ, ਸੂਬਾ ਅਮਰੀਕ ਸਿੰਘ, ਰਵਿੰਦਰ ਸਿੰਘ ਜੌਹਲ, ਪ੍ਰੋ. ਸੂਬਾ ਸਿੰਘ, ਸ੍ਰੀ ਮਨਜੀਤ ਸਿੰਘ ਭੋਮਾ ਅਤੇ ਸ੍ਰੀ ਕੰਵਰਵੀਰ ਸਿੰਘ ਟੌਹੜਾ ਵੀ ਹਾਜ਼ਰ ਸਨ। ਸਮਾਗਮ ਦੌਰਾਨ ਵੱਡੀ ਗਿਣਤੀ 'ਚ ਸਿੱਖ ਸੰਗਤਾਂ ਨੇ ਸ਼ਮੂਲੀਅਤ ਕੀਤੀ, ਜਿਨ੍ਹਾਂ ਵਿੱਚ ਕਿਸਾਨ ਯੂਨੀਅਨ ਦੇ ਨੁਮਾਇੰਦੇ ਵੀ ਸ਼ਾਮਲ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

ਰਾਜਪਾਲ ਪੰਜਾਬ ਨੇ ਅਨੁਸੂਚਿਤ ਕਮਿਸ਼ਨ ਦੇ ਮਾਮਲੇ 'ਚ ਸਤਨਾਮ ਸਿੰਘ ਗਿੱਲ ਦੇ ਪੱਤਰ ਤੇ ਕੀਤਾ ਰਿਐਕਟ

ਕਮਿਸ਼ਨ ਦਾ ਕਾਰਜਕਾਲ ਮੁੜ 6 ਸਾਲ ਕਰਨ, ਮੈਂਬਰਾਂ ਨੂੰ ਵਧੀਕ ਪ੍ਰਿੰਸੀਪਲ ਸਕੱਤਰ ਦਾ ਦਰਜਾ ਦੇਣ, ਕਮਿਸ਼ਨ ਨੂੰ ਨਿਆਂਇੱਕ ਸ਼ਕਤੀਆਂ ਪ੍ਰਦਾਨ ਕਰਨ



ਚੌਂਕ ਮਹਿਤਾ 5,ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਸਤਨਾਮ ਸਿੰਘ ਗਿੱਲ ਦੇ ਪੱਤਰ ਤੇ ਰਾਜਪਾਲ ਪੰਜਾਬ ਨੇ ਫੌਰੀ ਤੌਰ 'ਤੇ ਰਿਐਕਟ ਕੀਤਾ ਹੈ ।ਰਾਜਪਾਲ ਪੰਜਾਬ ਦੇ ਏਡੀਸੀ ਦੀ ਮਿਤੀ ਨੂੰ ਆਈ ਈਮੇਲ ਦੇ ਹਵਾਲੇ ਨਾਲ ਖੁਲਾਸਾ ਕਰਦਿਆਂ ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ਪ੍ਰਧਾਨ ਸ ਸਤਨਾਮ ਸਿੰਘ ਗਿੱਲ ਨੇ ਕਿਹਾ ਕਿ ਰਾਜਪਾਲ ਦੇ ਦਫਤਰ ਨੇ ਪੰਜਾਬ ਦੇ ਅਨੁਸੂਚਿਤ ਜਾਤੀ ਵਰਗ ਦੇ ਹੱਕ 'ਚ ਵੱਡਾ ਫੱਤਵਾ ਦਿੱਤਾ ਹੈ। ਉਨ੍ਹਾ ਨੇ ਸ਼ਾਮ ਵੇਲੇ ਪ੍ਰੈਸ ਨੂੰ ਮੁਖਾਤਿਬ ਹੁੰਦਿਆਂ ਜਾਣਕਾਰੀ ਦਿੱਤੀ ਹੈ ਕਿ ਸਟੇਟ ਨੇ ਅਨੁਸੂਚਿਤ ਜਾਤੀ ਕਮਿਸ਼ਨ ਨੂੰ ਸਮਰੱਥਾਹੀਣ ਬਣਾਉਂਦੇ ਹੋਏ, ਮੈਂਬਰਾਂ ਦਾ ਕਮਿਸ਼ਨ 'ਚ ਤਿਆਰ ਕੀਤੇ ਕੌਰਮ ਚੋਂ ਗਣਤੀ ਘਟਾ ਕੇ ਮੈਂਬਰਾਂ ਦਾ ਕਾਰਜਕਾਲ 3 ਸਾਲ ਕਰ ਦਿੱਤਾ ਹੈ। ਉਨ੍ਹਾ ਨੇ ਕਿਹਾ ਕਿ ਮੈਂਬਰਾਂ ਦੇ ਬੈਠਣ ਲਈ ਪੰਜਾਬ ਸਿਵਲ ਸਕੱਤਰੇਤ ਵਿੱਚ ਬੈਠਣ ਦਾ ਕੋਈ ਢੁਕਵਾਂ ਇੰਤਜ਼ਾਮ ਨਹੀਂ ਕੀਤਾ ਗਿਆ ਹੈ ਉਨਾਂ ਨੇ ਕਿਹਾ ਕਿ ਜਦੋਂ ਦਾ ਮੈਂਬਰਾਂ ਦੇ ਬੈਠਣ ਵਾਲੇ ਰੂਮ ਨੂੰ ਕੋਰਟ ਰੂਮ 'ਚ ਤਬਦੀਲ ਕੀਤਾ ਗਿਆ ਹੈ ਉਦੋਂ ਤੋਂ ਹੀ ਮੈਂਬਰਾਂ ਦੇ ਬੈਠਣ ਦਾ ਵਿਵਸਥਾ 'ਚ ਕਮੀਂ ਆਈ ਹੈ। ਉਨ੍ਹਾ ਨੇ ਕਿਹਾ ਕਿ ਭਲਾਈ ਮੰਤਰੀ ਪੰਜਾਬ ਸਮੇਤ ਰਾਜਪਾਲ ਪੰਜਾਬ ਨੂੰ ਪੱਤਰ ਲਿਖਿਆ ਸੀ ।ਜਿਸ ਵਿੱਚ ਮੰਗ ਕੀਤੀ ਗਈ ਸੀ ਕਿ ਮੈਂਬਰਾਂ ਦਾ ਨੂੰ ਵਧੀਕ ਪ੍ਰਿੰਸੀਪਲ ਸਕੱਤਰ ਦਾ ਦਰਜਾ ਦਿੱਤਾ ਜਾਵੇ,ਕਮਿਸ਼ਨ ਨੂੰ ਨਿਆਂਇੱਕ ਸ਼ਕਤੀਆਂ ਪ੍ਰਦਾਨ ਕੀਤੀਆਂ ਜਾਣ ਅਤੇ ਕਾਰਜਕਾਲ'ਚ ਮੁੜ ਤੋਂ 10 ਸਾਲਾ ਦਾ ਸਮਾਂ ਨਿਸਚਤ ਕੀਤਾ ਜਾਵੇ ।ਉਨ੍ਹਾ ਨੇ ਕਿਹਾ ਕਿ ਰਾਜਪਾਲ ਪੰਜਾਬ ਦੇ ਦਫਤਰ ਨੇ ਲਿਖੇ ਪੱਤਰ ਤੇ ਰਿਐਕਟ ਕਰਕੇ ਸਮੁੱਚੇ ਦੱਬੇ ਕੁਚਲੇ ਲੋਕਾਂ ਦੀ ਆਵਾਜ਼ ਸੁਣੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਸ: ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੋਸਾਇਟੀ ਪੰਜਾਬ ਦੇ ਆਗੂ ਹਰਭਜਨ ਸਿੰਘ ਦੜਿਆਲਾ ਦੇ ਵਿਦੇਸ਼ ਦੌਰੇ ਨੂੰ ਲੈ ਕੇ ਸੋਸਾਇਟੀ ਮੈਂਬਰਾ ਵਿੱਚ ਭਾਰੀ ਉਤਸ਼ਾਹ



ਫ਼ਿਰੋਜ਼ਪੁਰ, 05 ਨਵੰਬਰ (ਮਨੋਹਰ ਲਾਲ) :— ਸਮਾਜ ਸੇਵਾ ਤੇ ਰਾਮਗੜ੍ਹੀਆ ਭਾਈਚਾਰੇ ਦੀ ਚੜ੍ਹਦੀ ਕਲਾ ਲਈ ਨਿਰੰਤਰ ਕਾਰਜਸ਼ੀਲ ਸ: ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੋਸਾਇਟੀ (ਰਜਿ: 140) ਪੰਜਾਬ ਦੇ ਪ੍ਰਮੁੱਖ ਆਗੂ ਹਰਭਜਨ ਸਿੰਘ ਦੜਿਆਲਾ ਦੇ ਵਿਦੇਸ਼ ਦੌਰੇ ਨੂੰ ਲੈ ਕੇ ਸੋਸਾਇਟੀ ਦੇ ਮੈਂਬਰ ਵਿੱਚ ਖ਼ਾਸ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਮੌਕੇ ਤੇ ਸੋਸਾਇਟੀ ਦੇ ਅਹੁਦੇਦਾਰਾਂ ਨੇ ਪੰਜਾਬ ਪ੍ਰਧਾਨ ਹਰਭਜਨ ਸਿੰਘ ਦੜਿਆਲਾ ਦੇ ਗ੍ਰਹਿ ਵਿਖੇ ਪਹੁੰਚੇ, ਮੈਂਬਰਾਂ ਨੇ ਉਨ੍ਹਾਂ ਦੀ ਇਸ ਵਿਦੇਸ਼ ਫੇਰੀ ਨੂੰ ਸੋਸਾਇਟੀ ਅਤੇ ਸਮੁੱਚੇ ਰਾਮਗੜ੍ਹੀਆ ਭਾਈਚਾਰੇ ਵਿੱਚ ਇੱਕ ਮਾਣ ਵਾਲੀ ਗੱਲ ਦੱਸੀ ਅਤੇ ਸ਼ੁਭਕਾਮਨਾਵਾਂ ਦਿੱਤੀਆਂ। ਇਸ ਸਮੇਂ ਗੱਲਬਾਤ ਕਰਦਿਆਂ ਭਗਵਾਨ ਸਿੰਘ ਦੜਿਆਲਾ ਚੇਅਰਮੈਨ ਪੰਜਾਬ ਨੇ ਦੱਸਿਆ ਕਿ ਹਰਭਜਨ ਸਿੰਘ ਦੜਿਆਲਾ ਨੇ ਸੋਸਾਇਟੀ ਦੇ ਕਾਰਜ ਨੂੰ ਅੱਗੇ ਵਧਾਉਣ ਅਤੇ ਸਮਾਜਿਕ ਭਲਾਈ ਦੇ ਕੰਮਾਂ ਵਿੱਚ ਹਮੇਸ਼ਾ ਅਹਿਮ ਯੋਗਦਾਨ ਪਾਇਆ ਹੈ। ਇਸ ਮੌਕੇ ਹਰਭਜਨ ਸਿੰਘ ਦੜਿਆਲਾ ਨੇ ਸੋਸਾਇਟੀ ਦੇ ਸਮੁੱਚੇ ਮੈਂਬਰਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਵਿਦੇਸ਼ ਦੀ ਧਰਤੀ ਤੇ ਵੀ ਆਪਣੇ ਪੰਜਾਬ ਸੋਸਾਇਟੀ ਅਤੇ ਭਾਈਚਾਰੇ ਦੇ ਨਾਂਮ ਨੂੰ ਰੋਸ਼ਨ ਕਰਨ ਲਈ ਵਚਨਬੱਧ ਰਹਿਣਗੇ। ਇਸ ਉਚੇਚੇ ਮਿਲਣੀ ਸਮਾਰੋਹ ਦੌਰਾਨ ਸੋਸਾਇਟੀ ਦੇ ਆਹੁਦੇਦਾਰ ਅਤੇ ਪਰਿਵਾਰਕ ਮੈਂਬਰ ਹਾਜ਼ਰ ਸਨ ਜਿਨ੍ਹਾਂ ਵਿਚ ਭਗਵਾਨ ਸਿੰਘ ਦੜਿਆਲਾ ਚੇਅਰਮੈਨ ਪੰਜਾਬ, ਸੁਖਮਿੰਦਰ ਸਿੰਘ ਜੱਬਲ ਕਾਰਜਕਾਰੀ ਪੰਜਾਬ ਪ੍ਰਧਾਨ, ਅੰਗਰੇਜ਼ ਸਿੰਘ ਕਲਸੀ ਜ਼ਿਲ੍ਹਾ ਪ੍ਰਧਾਨ, ਦਰਸ਼ਨ ਸਿੰਘ ਦੜਿਆਲਾ, ਅਵਤਾਰ ਸਿੰਘ ਦੜਿਆਲਾ, ਹਰਸੰਗੀਤ ਸਿੰਘ ਮਠਾੜੂ, ਕੁਲਦੀਪ ਸਿੰਘ ਪਨੇਸਰ ਜਿਨ੍ਹਾਂ ਨੇ ਹਰਭਜਨ ਸਿੰਘ ਦੜਿਆਲਾ ਦੀ ਸੁਖਦ ਅਤੇ ਸਫ਼ਲ ਯਾਤਰਾ ਦੀ ਅਰਦਾਸ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

ਸਮੂਹ ਖਾਲਸਾ ਪੰਥ ਅਤੇ ਸੰਗਤਾਂ ਬੰਦੀ ਛੋੜ ਦਿਵਸ ਰਲ-ਮਿਲਕੇ ਖਾਲਸਾਈ ਜੋਸ਼ ਅਤੇ ਜਜਬੇ ਨਾਲ ਮਨਾਵੇ : ਪ੍ਰੋ. ਬਡੂੰਗਰ



ਪਟਿਆਲਾ, 5 ਨਵੰਬਰ (ਆਵਾਜ਼ਿ ਕੌਮ ਬਿਊਰੋ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਮੀਰੀ-ਪੀਰੀ ਦੇ ਮਾਲਕ 'ਦਲਭੰਜਨ ਗੁਰੁ ਸੂਰਮਾ ਵਡ ਜੋਧਾ ਬਹੁ ਪਰਉਪਕਾਰੀ।' ਸਤਿਗੁਰੂ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਗਵਾਲੀਅਰ ਦੇ ਕਿਲ੍ਹੇ ਤੋਂ ਰਿਹਾਅ ਹੋਣ ਅਤੇ ਗਵਾਲੀਅਰ ਦੇ ਕਿਲ੍ਹੇ ਵਿਚੋਂ ਜ਼ਾਲਮ ਮੁਗਲ ਬਾਦਸ਼ਾਹ ਜਹਾਂਗੀਰ ਦੀ ਕੈਦ ਵਿਚੋਂ 52 ਕਲੀਆਂ ਵਾਲਾ ਚੋਲਾ ਪਹਿਨਕੇ ਆਪਣੇ ਲੜ ਲਗਾਕੇ 52 ਹਿੰਦੂ ਰਾਜਪੂਤ ਰਾਜਿਆਂ ਨੂੰ ਕੈਦ ਵਿਚੋਂ ਰਿਹਾਅ ਕਰਵਾਇਆ ਸੀ ਅਤੇ ਸਤਿਗੁਰੂ ਜੀ ਲੰਮਾ ਪੈਂਡਾ ਤੈਅ ਕਰਦਿਆਂ ਜਿਸ ਦਿਨ ਗੁਰੂ ਕੀ ਨਗਰੀ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਪਹੁੰਚੇ ਸਨ, ਉਸ ਦੀ ਖੁਸ਼ੀ ਵਿਚ ਸ਼ਰਧਾਲੂ ਸਿੱਖ ਸੰਗਤਾਂ ਨੇ ਘਿਉ ਦੇ ਦੀਵੇ ਬਾਲਕੇ ਖੁਸ਼ੀ ਮਨਾਈ ਸੀ। ਹੁਣ ਹਰ ਸਾਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਗੁਰੂ ਨਾਨਕ ਨਾਮ ਲੇਵਾ ਅਣਗਿਣਤ ਸ਼ਰਧਾਲੂ ਸਿੱਖ ਸੰਗਤਾਂ ਗੁਰੂ ਵੱਲੋਂ ਪੂਰੇ ਖਾਲਸਾਈ ਜੋਸ਼ ਅਤੇ ਜੋਸ਼ ਨਾਲ 'ਬੰਦੀ ਛੋੜ ਦਿਵਸ' ਮਨਾਇਆ ਜਾਂਦਾ ਹੈ। ਉਹਨਾਂ ਕਿਹਾ ਕਿ ਆਉ! ਸਮੂਹ ਖਾਲਸਾ ਪੰਥ ਅਤੇ ਸ਼ਰਧਾਲੂ ਸੰਗਤਾਂ ਰਲ-ਮਿਲਕੇ ਖਾਲਸਾਈ ਜੋਸ਼ ਅਤੇ ਜਜਬੇ ਨਾਲ ਬੰਦੀ ਛੋੜ ਦਿਵਸ ਨੂੰ ਮਨਾਉਂਦਿਆਂ ਰੋਸ਼ਨੀਆਂ ਕਰਕੇ ਜਿੱਥੇ ਬਾਹਰਲੇ ਜੀਵਨ ਨੂੰ ਰੋਸ਼ਨ ਕਰਨਾ ਹੈ, ਉੱਥੇ ਆਪਣੇ ਅੰਦਰਲੇ ਅਗਿਆਨ ਰੂਪੀ ਹਨੇਰੇ ਨੂੰ ਵੀ ਖਤਮ ਕਰਕੇ ਆਪਣੇ ਮਨਾ ਨੂੰ ਆਤਮਾ ਅਤੇ ਜੀਵਨ ਨੂੰ ਰੁਸ਼ਨਾਈਐ।

ਨੌਜਵਾਨਾਂ ਦੀ ਸਿਆਸਤ ਵਿੱਚ ਸ਼ਮੂਲੀਅਤ ਸਮੇਂ ਦੀ ਮੁੱਖ ਲੋੜ

ਨੌਜਵਾਨੀ ਸ਼ਮੂਲੀਅਤ ਕਰ ਰਹੀ ਹੈ ਮਿਸਲ ਸਤਲੁਜ ਵਿੱਚ—ਦਵਿੰਦਰ ਸਿੰਘ ਸੇਖੋਂ



ਫ਼ਿਰੋਜ਼ਪੁਰ, 05 **ਨਵੰਬਰ** (**ਮਨੋਹਰ ਲਾਲ**) :— ਨੌਜਵਾਨਾਂ ਦੀ ਸਿਆਸਤ ਵਿਚ ਸ਼ਮੂਲੀਅਤ ਸਮੇਂ ਦੀ ਮੁੱਖ ਲੋੜ ਅਤੇ ਸਿਆਸਤ ਵਿਚ ਆਏ ਨੌਜਵਾਨਾਂ ਸਮਾਜ, ਦੇਸ਼ ਦੀ ਤਰੱਕੀ—ਖੁਸ਼ਹਾਲੀ ਦਾ ਬਨਣਗੇ ਕਾਰਣ। ਇਹ ਵਿਚਾਰ ਸਾਂਝੇ ਕਰਦਿਆਂ ਦਵਿੰਦਰ ਸਿੰਘ ਸੇਖੋਂ ਨੇ ਕਿਹਾ ਕਿ ਮਿਸਲ ਸਤਲੁਜ ਵਿਚ ਲਗਾਤਾਰ ਨੌਜਵਾਨਾਂ ਵੱਲੋਂ ਸ਼ਮੂਲੀਅਤ ਕੀਤੀ ਜਾ ਰਹੀ ਹੈ, ਜਿਸ ਦੀ ਉਹ ਪ੍ਰਸੰਸਾ ਕਰਦੇ ਹਨ। ਇਸ ਮੌਕੇ ਮਨਦੀਪ ਸਿੰਘ ਜੀਰਾ ਵੱਲੋਂ ਮਿਸਲ ਸਤਲੁਜ ਵਿੱਚ ਸ਼ਮੂਲੀਅਤ ਕੀਤੀ ਗਈ, ਜਿਸ ਦਾ ਸਵਾਗਤ ਕਰਦਿਆਂ ਉਨ੍ਹਾਂ ਕਿਹਾ ਕਿ ਨੌਜਵਾਨ ਕਿਸੇ ਵੀ ਦੇਸ਼ ਅਤੇ ਸੂਬੇ ਦੀ ਅਸਲ ਤਾਕਤ ਹੁੰਦੇ ਹਨ। ਅੱਜ ਪੰਜਾਬ ਨੂੰ ਅਜਿਹੀ ਨੌਜਵਾਨ ਪੀੜ੍ਹੀ ਦੀ ਲੋੜ ਹੈ ਜੋ ਸਮਾਜ ਅਤੇ ਸਿਆਸਤ ਵਿੱਚ ਆਪਣੀ ਜ਼ਿੰਮੇਵਾਰੀ ਨੂੰ ਸਮਝਦਿਆਂ ਅੱਗੇ ਆਵੇ। ਉਨ੍ਹਾਂ ਕਿਹਾ ਕਿ ਸਿਆਸਤ ਸਿਰਫ਼ ਕੁਝ ਲੋਕਾਂ ਤੱਕ ਸੀਮਤ ਨਹੀਂ ਰਹਿਣੀ ਚਾਹੀਦੀ, ਸਗੋਂ ਇਸ ਵਿੱਚ ਨੌਜਵਾਨ ਪੀੜ੍ਹੀ ਦੀ ਵੱਧ ਤੋਂ ਵੱਧ ਸ਼ਮੂਲੀਅਤ ਹੋਣੀ ਚਾਹੀਦੀ ਹੈ। ਅੱਜ ਦੇ ਨੌਜਵਾਨ ਹੀ ਕੱਲ੍ਹ ਨੂੰ ਦੇਸ਼ ਅਤੇ ਪੰਜਾਬ ਦੀ ਅਗਵਾਈ ਕਰਨਗੇ। ਇਸ ਲਈ ਨੌਜਵਾਨਾਂ ਨੂੰ ਆਪਣੇ ਵਿਚਾਰ ਰੱਖਣ, ਸਮਾਜਿਕ ਮੁੱਦਿਆਂ ਤੇ ਆਵਾਜ਼ ਬੁਲੰਦ ਕਰਨ ਅਤੇ ਪੰਜਾਬ ਦੇ ਭਵਿੱਖ ਨੂੰ ਬਿਹਤਰ ਬਣਾਉਣ ਲਈ ਅੱਗੇ ਆਉਣਾ ਚਾਹੀਦਾ ਹੈ। ਗੱਲਬਾਤ ਕਰਦਿਆਂ ਦਵਿੰਦਰ ਸਿੰਘ ਸੇਖੋਂ ਨੇ ਕਿਹਾ ਕਿ ਮਿਸਲ ਸਤਲੁਜ ਦਾ ਮਕਸਦ ਨੌਜਵਾਨਾਂ ਨੂੰ ਇੱਕ ਅਜਿਹਾ ਮੰਚ ਪ੍ਰਦਾਨ ਕਰਨਾ ਹੈ ਜਿੱਥੇ ਉਹ ਆਪਣੀ ਸੋਚ ਅਤੇ ਸਮਰੱਥਾ ਅਨੁਸਾਰ ਸਮਾਜ ਲਈ ਯੋਗਦਾਨ ਪਾ ਸਕਣ। ਉਨ੍ਹਾਂ ਕਿਹਾ ਕਿ ਇਹ ਬਹੁਤ ਖੁਸ਼ੀ ਦੀ ਗੱਲ ਹੈ ਕਿ ਲਗਾਤਾਰ ਨੌਜਵਾਨ ਮਿਸਲ ਸਤਲੁਜ ਨਾਲ ਜੁੜ ਰਹੇ ਹਨ ਅਤੇ ਦਿਨੋਂ—ਦਿਨ ਸਾਡਾ ਕਾਫ਼ਲਾ ਵੱਡਾ ਹੋ ਰਿਹਾ ਹੈ। ਅਸੀਂ ਨੌਜਵਾਨਾਂ ਦਾ ਸਵਾਗਤ ਕਰਦੇ ਹਾਂ ਅਤੇ ਉਮੀਦ ਕਰਦੇ ਹਾਂ ਕਿ ਉਹ ਪੰਜਾਬ ਦੇ ਚੰਗੇ ਭਵਿੱਖ ਲਈ ਆਪਣੀ ਸਰਗਰਮ ਭੂਮਿਕਾ ਨਿਭਾਉਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

ਮਾਵਾਂ-ਧੀਆਂ ਸਤਿਕਾਰ ਯੋਜਨਾ ਨੂੰ ਜ਼ਮੀਨੀ ਪੱਧਰ ਤੱਕ ਪਹੁੰਚਾਉਣ ਵਿੱਚ

ਸਖੀਆਂ ਦਾ ਯੋਗਦਾਨ ਬੇਹੱਦ ਅਹਿਮ : ਹਰਭਜਨ ਸਿੰਘ ਈ.ਟੀ.ਓ.



ਜੰਡਿਆਲਾ ਗੁਰੂ, 5 **ਨਵੰਬਰ** (**ਕੁਲਵੰਤ ਸਿੰਘ ਵਿਰਦੀ**)-ਸੂਬੇ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਅੱਜ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਗਹਿਰੀ ਮੰਡੀ ਵਿਖੇ ਮਾਵਾਂ-ਧੀਆਂ ਸਤਿਕਾਰ ਯੋਜਨਾ ਨੂੰ ਜ਼ਮੀਨੀ ਪੱਧਰ ਤੱਕ ਪਹੁੰਚਾਉਣ ਵਿੱਚ ਅਹਿਮ ਯੋਗਦਾਨ ਪਾਉਣ ਵਾਲੀਆਂ ਸਖੀਆਂ ਤਾਂ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਸਖੀਆਂ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਇੱਕ ਪ੍ਰਮੁੱਖ ਯੋਜਨਾ ਹੈ, ਜਿਸ ਤਹਿਤ ਸੂਬੇ ਦੀਆਂ ਮਾਵਾਂ ਅਤੇ ਧੀਆਂ ਨੂੰ ਆਰਥਿਕ ਸਹਾਇਤਾ ਵਜੋਂ ਮਹੀਨਾਵਾਰ ਸਨਮਾਨ ਰਾਸ਼ੀ ਦਿੱਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਸ ਯੋਜਨਾ ਤਹਿਤ ਅਨੁਸੂਚਿਤ ਜਾਤੀ ਵਰਗ ਦੀਆਂ ਲਾਭਪਾਤਰੀਆਂ ਨੂੰ 1500 ਰੁਪਏ ਪ੍ਰਤੀ ਮਹੀਨਾ ਅਤੇ ਜਨਰਲ ਵਰਗ ਨਾਲ ਸੰਬੰਧਿਤ ਔਰਤਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਸਨਮਾਨ ਰਾਸ਼ੀ ਦਿੱਤੀ ਜਾ ਰਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਕੈਬਨਿਟ ਮੰਤਰੀ ਵੱਲੋਂ ਗਹਿਰੀ ਮੰਡੀ ਵਿਖੇ ਸਖੀਆਂ ਦਾ ਸਨਮਾਨ

ਉਹਨਾਂ ਕਿਹਾ ਕਿ ਬੀਤੀ 1 ਨਵੰਬਰ ਨੂੰ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਅਬੋਹਰ ਵਿਖੇ ਇੱਕ ਵਿਸ਼ੇਸ਼ ਸਮਾਗਮ ਦੌਰਾਨ ਮਾਵਾਂ ਧੀਆਂ ਨੂੰ ਸਨਮਾਨ ਰਾਸ਼ੀ ਰਿਲੀਜ਼ ਕੀਤੀ ਗਈ ਸੀ ਅਤੇ 1 ਦਸੰਬਰ ਨੂੰ ਅਗਲੀ ਕਿਸ਼ਤ ਰਿਲੀਜ਼ ਕੀਤੀ ਜਾਵੇਗੀ।ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਯੋਜਨਾ ਰਾਹੀਂ ਪੰਜਾਬ ਸਰਕਾਰ ਨੇ ਮਾਵਾਂ ਅਤੇ ਧੀਆਂ ਨੂੰ ਸਨਮਾਨ ਦੇਣ ਦਾ ਉਪਰਾਲਾ ਕੀਤਾ ਹੈ। ਇਸ ਯੋਜਨਾ ਦੇ ਲਾਭਾਂ ਨੂੰ ਘਰ-ਘਰ ਅਤੇ ਹੇਠਲੇ ਪੱਧਰ ਤੱਕ ਪਹੁੰਚਾਉਣ ਵਿੱਚ ਸਖੀਆਂ ਨੇ ਬਹੁਤ ਹੀ ਅਹਿਮ ਭੂਮਿਕਾ ਨਿਭਾਈ ਹੈ, ਜਿਸ ਲਈ ਉਹ ਵਧਾਈ ਅਤੇ ਧੰਨਵਾਦ ਦੀਆਂ ਹੱਕਦਾਰ ਹਨ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲੋਕਾਂ ਨਾਲ ਕੀਤੇ ਵਾਅਦਿਆਂ ਅਤੇ ਦਿੱਤੀਆਂ ਗਾਰੰਟੀਆਂ ਨੂੰ ਪੂਰਾ ਕਰਨ ਲਈ ਲਗਾਤਾਰ ਕੰਮ ਕੀਤਾ ਹੈ ਅਤੇ ਲੋਕ ਭਲਾਈ ਦੀਆਂ ਯੋਜਨਾਵਾਂ ਦਾ ਲਾਭ ਆਮ ਲੋਕਾਂ ਤੱਕ ਪਹੁੰਚਾਇਆ ਜਾ ਰਿਹਾ ਹੈ।

ਬਹੁਜਨ ਸਮਾਜ ਪਾਰਟੀ ਦੀ 'ਪੰਜਾਬ ਸੰਭਾਲੋ ਮੁਹਿੰਮ' ਨੂੰ ਸਫਲ ਬਣਾਉਣ ਦੀ ਅਪੀਲ



ਹੁਸ਼ਿਆਰਪੁਰ, 5 ਨਵੰਬਰ (ਆਵਾਜ਼ਿ ਕੌਮ ਬਿਊਰੋ)-ਬਹੁਜਨ ਸਮਾਜ ਪਾਰਟੀ ਪੰਜਾਬ ਦੇ ਜਨਰਲ ਦਾ ਸਕੱਤਰ ਠੇਕੇਦਾਰ ਭਗਵਾਨ ਦਾਸ ਸਿੱਧੂ ਇੰ ਚਾਰਜ ਲੋਕ ਸਭਾ ਹੁਸ਼ਿਆਰਪੁਰ,ਰਮਨ ਡਲ ਰੱਲ ਇੰ ਚਾਰਜ ਲੋਕ ਸਭਾ ਹੁਸ਼ਿਆਰਪੁਰ, ਐਡਵੋਕੇਟ ਪਲਵਿੰਦਰ ਮਾਨਾ ਇੰਚਾਰਜ ਦਰੀ ਹਲਕਾ ਚੱਬੇਵਾਲ ਨੇ ਵਿਸ਼ੇਸ਼ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਇਸ ਸਮੇਂ ਦੇਸ਼ ਰੋਬੀ ਅੰਦਰ ਮਹਿੰਗਾਈ, ਬੇਰੁਜ਼ਗਾਰੀ, ਨਸ਼ਿਆਂ ਅਤੇ ਥਾਂ ਥਾਂ ਰੋਸ ਧਰਨੇ,ਵਿਖਾਵੇ ਸੜਕਾਂ ਤੇ ਲੱਗ ਰਹੇ ਵੱਡੇ ਵੱਡੇ ਜਾਮ ਕਰਕੇ ਜਨਤਾ ਬੇਹਾਲ ਹੋਈ ਪਈ ਹੈ। ਬਸਪਾ ਆਗੂਆਂ ਨੇ ਕਿਹਾ ਇਸ ਸਮੇਂ ਘਰੇਲੂ ਵਸਤਾਂ ਸਰੋਂ ਦਾ ਤੇਲ 220 ਰੁਪਏ ਲੀਟਰ, ਖੰਡ 75 ਰੁਪਏ ਡਾ ਕਿਲੋ ਵਿਕ ਰਹੀ ਹੈ ਅਤੇ ਚਾਹ ਪਤੀ, ਦਾਲਾਂ, ਸਰਫ, ਸਬਜ਼ੀਆਂ ਅਤੇ ਹੋਰ ਰੋਜ਼ਾਨਾ ਵਰਤੋਂ ਦੀਆਂ ਚੀਜਾਂ ਦੀਆਂ ਕੀਮਤਾਂ ਅਸਮਾਨ ਨੂੰ ਛੂਹ ਰਹੀਆਂ ਹਨ। ਬਸਪਾ ਦੇ ਆਗੂਆਂ ਨੇ ਕਿਹਾ ਪੰਜਾਬ ਅੰਦਰ ਸਿੱਖਿਆ ਨੀਤੀ ਦਾ ਬੁਰਾ ਹਾਲ ਹੈ ਸਕੂਲਾਂ ਅੰਦਰ ਅਧਿਆਪਕ ਹੀ ਨਹੀਂ ਹਨ ਅਤੇ ਦੂਸਰੇ ਪਾਸੇ ਬੇਰੁਜ਼ਗਾਰੀ ਤੇ ਮਹਿੰਗਾਈ ਨੇ ਲੋਕਾਂ ਕਚੂਮਰ ਕੱਢ ਦਿੱਤਾ ਹੈ। ਬਸਪਾ ਆਗੂਆਂ ਨੇ ਕਿਹਾ ਕਿ ਪੰਜਾਬ ਦੇ ਲੋਕ ਬਹੁਜਨ ਵਲ, ਸਮਾਜ ਪਾਰਟੀ ਦੀ ਸਰਕਾਰ ਚੁਣਨ ਲਈ ਉਤਾਵਲੇ ਹਨ। ਉਨ੍ਹਾਂ ਬਸਪਾ ਆਗੂ ਆਂ, ਗਾ, ਵਰਕਰਾਂ ਅਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਬਸਪਾ ਦੀ ਪੰਜਾਬ ਸੰਭਾਲੋ ਮੁਹਿੰਮ ਚ, ਨੂੰ ਸਫਲ ਬਣਾਉਣ ਤਾਂ ਕੇ ਮਹਿੰਗਾਈ, ਬੇਰੁਜ਼ਗਾਰੀ ਅਤੇ ਨਸ਼ਿਆਂ ਨੂੰ ਕਾਬੂ ਕਰਕੇ ਪੰਜਾਬ ਨੂੰ ਤਰੱਕੀ ਦੀਆਂ ਲੀਹਾਂ ਤੇ ਤੋਰਿਆ ਜਾ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

ਚੰਦੂਮਾਜਰਾ ਦੀ ਅਕਾਲੀ ਦਲ 'ਚ ਵਾਪਸੀ ਦਾ ਸਰਨਾ ਵੱਲੋਂ ਸਵਾਗਤ, ਹੋਰ ਆਗੂਆਂ ਨੂੰ ਵੀ ਕੀਤੀ 'ਪੰਥ ਵਾਪਸੀ' ਦੀ ਅਪੀਲ



ਨਵੀਂ ਦਿੱਲੀ, 5 **ਨਵੰਬਰ** (**ਮਨਪ੍ਰੀਤ ਸਿੰਘ ਖਾਲਸਾ**):- ਦਿੱਲੀ ਅਕਾਲੀ ਦਲ ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਨੇ ਸੀਨੀਅਰ ਅਕਾਲੀ ਆਗੂ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਵੱਲੋਂ 6 ਨਵੰਬਰ ਨੂੰ ਸ਼੍ਰੋਮਣੀ ਅਕਾਲੀ ਦਲ ਵਿੱਚ ਵਾਪਸੀ ਦੇ ਫੈਸਲੇ ਦਾ ਸਵਾਗਤ ਕਰਦਿਆਂ ਇਸ ਨੂੰ ਅਕਾਲੀ ਸਫ਼ਾਂ ਵਿੱਚ ਮੁੜ ਏਕਤਾ ਸਥਾਪਤ ਕਰਨ ਵੱਲ ਇੱਕ ਅਹਿਮ ਕਦਮ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਚੰਦੂਮਾਜਰਾ ਦਾ ਲੰਮਾ ਪੰਥਕ ਅਤੇ ਸਿਆਸੀ ਤਜਰਬਾ ਹੈ ਅਤੇ ਉਨ੍ਹਾਂ ਦੀ ਵਾਪਸੀ ਹੋਰਨਾਂ ਵੱਖ ਹੋਏ ਆਗੂਆਂ ਲਈ ਵੀ ਪ੍ਰੇਰਣਾ ਬਣ ਸਕਦੀ ਹੈ। ਸਰਨਾ ਨੇ ਅਪੀਲ ਕੀਤੀ ਕਿ ਜਿਹੜੇ ਅਕਾਲੀ ਆਗੂ ਕਿਸੇ ਸਮੇਂ ਪਾਰਟੀ ਤੋਂ ਵੱਖ ਹੋ ਗਏ ਸਨ, ਉਹ ਵੀ ਆਪਣੇ ਨਿੱਜੀ ਮਤਭੇਦਾਂ, ਜਥੇਬੰਦਕ ਦੂਰੀਆਂ ਅਤੇ ਸਿਆਸੀ ਗਿਲੇ-ਸ਼ਿਕਵਿਆਂ ਨੂੰ ਪਾਸੇ ਰੱਖ ਕੇ ਮੁੜ ਪਾਰਟੀ ਵਿੱਚ ਸ਼ਾਮਲ ਹੋਣ। ਉਨ੍ਹਾਂ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਸਾਰੇ ਆਗੂ 'ਪੰਥ ਵਾਪਸੀ' ਦਾ ਰਾਹ ਅਖਤਿਆਰ ਕਰਨ, ਕਿਉਂਕਿ ਪੰਥ ਅਤੇ ਪੰਜਾਬ ਦੇ ਹਿੱਤ ਕਿਸੇ ਵੀ ਵਿਅਕਤੀਗਤ ਅਹੁਦੇ, ਸਿਆਸੀ ਅਭਿਲਾਸ਼ਾ ਜਾਂ ਨਿੱਜੀ ਮਤਭੇਦ ਤੋਂ ਕਿਤੇ ਵੱਡੇ ਹਨ। ਉਨ੍ਹਾਂ ਜ਼ੋਰ ਦਿੱਤਾ ਕਿ ਦਹਾਕਿਆਂ ਤੋਂ ਅਕਾਲੀ ਲਹਿਰ ਨਾਲ ਜੁੜੇ ਆਗੂਆਂ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਇਕਜੁੱਟ ਹੋ ਕੇ ਸਿੱਖ ਪੰਥ ਦੀਆਂ ਸਿਆਸੀ ਆਸਾਂ-ਉਮੀਦਾਂ ਦੀ ਨੁਮਾਇੰਦਗੀ ਕਰਨ ਵਾਲੀ ਸੰਸਥਾ ਨੂੰ ਮਜ਼ਬੂਤ ਕਰਨ। ਉਨ੍ਹਾਂ ਕਿਹਾ ਕਿ ਅਕਾਲੀ ਦਲ ਦੀ ਮਜ਼ਬੂਤੀ ਅਤੇ ਪੰਥਕ ਏਕਤਾ ਲਈ ਆਪਸੀ ਸੰਵਾਦ, ਸਹਿਯੋਗ ਅਤੇ ਮਿਲ ਬੈਠ ਕੇ ਮਸਲਿਆਂ ਦਾ ਹੱਲ ਕੱਢਣਾ ਸਮੇਂ ਦੀ ਲੋੜ ਹੈ। ਜੇਕਰ ਸਾਰੇ ਆਗੂ ਸਾਂਝੇ ਪੰਥਕ ਅਤੇ ਪੰਜਾਬ ਦੇ ਮੁੱਦਿਆਂ ਨੂੰ ਤਰਜੀਹ ਦੇਣ ਤਾਂ ਆਪਸੀ ਦੂਰੀਆਂ ਖ਼ਤਮ ਕਰਕੇ ਇਕ ਮਜ਼ਬੂਤ ਸਾਂਝੀ ਪੰਥਕ ਆਵਾਜ਼ ਬੁਲੰਦ ਕੀਤੀ ਜਾ ਸਕਦੀ ਹੈ। ਸਰਨਾ ਨੇ ਆਸ ਪ੍ਰਗਟਾਈ ਕਿ ਪ੍ਰੋ. ਚੰਦੂਮਾਜਰਾ ਦੀ ਵਾਪਸੀ ਇਸ ਦਿਸ਼ਾ ਵਿੱਚ ਨਵੀਂ ਸ਼ੁਰੂਆਤ ਸਾਬਤ ਹੋਵੇਗੀ।


ਤਖਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਵਿਖੇ 'ਪਹਿਲਾ ਦੀਵਾ' ਜਗਾ ਕੇ ਦੀਪਮਾਲਾ ਪੁਰਬ ਦਾ ਕੀਤਾ ਸ਼ੁਭਆਰੰਭ



ਚੌਕ ਮਹਿਤਾ 4 **ਨਵੰਬਰ** (**ਬਾਬਾ ਸੁਖਵੰਤ ਸਿੰਘ ਚੰਨਣਕੇ**)-ਤਖਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ ਵਿਖੇ ਪੁਰਾਤਨ ਰਿਵਾਅਤ ਅਨੁਸਾਰ ਦੀਪਮਾਲਾ ਪੁਰਬ ਦੀ ਆਰੰਭਤਾ 'ਪਹਿਲਾ ਦੀਵਾ' ਸਿੰਘ ਸਾਹਿਬ ਸੰਤ ਬਾਬਾ ਕੁਲਵੰਤ ਸਿੰਘ ਜੀ - ਜੱਥੇਦਾਰ ਸਾਹਿਬ ਦੇ ਕਰਕਮਲਾਂ ਤੋਂ ਜਗਾ ਕੇ ਅਤੇ ਗੁਰਦੁਆਰਾ ਸੱਚਖੰਡ ਬੋਰਡ ਦੇ ਸਕੱਤਰ - ਸ੍. ਰਵਿੰਦਰ ਸਿੰਘ ਬੁੰਗਈ ਇਨਾਂ ਦੇ ਪ੍ਰਮੁਖ ਹਾਜ਼ਰੀ ਵਿੱਚ ਦੀਪਮਾਲਾ ਪ੍ਰੋਗ੍ਰਾਮਾਂ ਦਾ ਸ਼ੁਭਾਰੰਭ ਕੀਤਾ ਗਿਆ। ਇਸ ਸਮੇਂ ਗੁਰਦੁਆਰਾ ਬੋਰਡ ਦੇ ਸੁਪਰਡੈਂਟ - ਸ੍: ਰਵਿੰਦਰ ਸਿੰਘ ਕਪੂਰ, ਸਹਾ. ਸੁਪਰਡੈਂਟ ਸ੍. ਜੈਮਲ ਸਿੰਘ ਢਿੱਲੋਂ, ਸਹਾ. ਸੁਪਰਡੈਂਟ ਸ੍: ਬਲਵਿੰਦਰ ਸਿੰਘ ਫੌਜੀ ਅਤੇ ਅਧਿਕਾਰੀ ਨਾਲ ਹੀ ਪਤਵੰਤੇ ਸੱਜਣਾ ਨਾਲ ਸਾਧ ਸੰਗਤ ਦੀ ਹਾਜ਼ਰੀ ਵਿੱਚ ਸੰਪਨ ਹੋਇਆ।

ਆਵਾਜ਼ਿ ਕੌਮ AWAZE QAUM International Newspaper & WEB TV

ਸ਼ਹੀਦਾਂ, ਰਾਸ਼ਟਰੀ ਸਨਮਾਨਾਂ ਤੇ ਰਾਸ਼ਟਰੀ ਐਵਾਰਡਾਂ ਦੀ ਚੋਣ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਲਿਆਉਣ ਦੀ ਲੋੜ—ਪੀ.ਸੀ ਕੁਮਾਰ



ਫ਼ਿਰੋਜ਼ਪੁਰ, 05 ਨਵੰਬਰ (ਮਨੋਹਰ ਲਾਲ) :— ਇਲਾਕੇ ਵਿਚ ਸਮਾਜ ਸੇਵੀ ਕਾਰਜ ਕਰਦੇ ਆ ਰਹੇ ਸੀਨੀਅਰ ਸਿਟੀਜਨ ਪ੍ਰਕਾਸ਼ ਚੰਦ ਕੁਮਾਰ ਨੇ ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨੂੰ ਲਿਖਤੀ ਪੱਤਰ ਭੇਜ ਕੇ ਐਵਾਰਡਾਂ ਅਤੇ ਰਾਸ਼ਟਰੀ ਸਨਮਾਨਾਂ ਵਿਚ ਪਾਰਦਰਸ਼ਤਾ, ਨਿਰਪੱਖ ਅਤੇ ਜਵਾਬਦੇਹ ਬਣਾਉਣ ਲਈ ਅਪੀਲ ਕੀਤੀ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪੀ.ਸੀ ਕੁਮਾਰ ਨੇ ਕਿਹਾ ਕਿ ਮੈਂ ਸਮਾਜ ਸੇਵਕ ਹੋਣ ਦੇ ਨਾਤੇ ਪ੍ਰਧਾਨ ਮੰਤਰੀ ਤੇ ਹੋਰ ਉੱਚ ਅਹੁਦਿਆਂ ਤੇ ਬਿਰਾਜਮਾਨ ਦੇਸ਼ ਦੇ ਪ੍ਰਬੰਧਕਾਂ ਦੇ ਧਿਆਨ ਵਿਚ ਇਕ ਬਹੁਤ ਮਹੱਤਵਪੂਰਨ ਮਾਮਲਾ ਲਿਆਉਣਾ ਚਾਹੁੰਦਾ ਹਾਂ। ਉਨ੍ਹਾਂ ਕਿਹਾ ਕਿ ਦੇਸ਼ ਦੇ ਸ਼ਹੀਦਾਂ, ਮਹਾਨ ਸਮਾਜ ਸੇਵਕਾਂ ਅਤੇ ਰਾਸ਼ਟਰ ਨਿਰਮਾਤਾਵਾਂ ਦੇ ਸਨਮਾਨ ਲਈ ਬਣਾਈ ਗਈ ਐਵਾਰਡ ਪ੍ਰਣਾਲੀ ਉੱਤੇ ਲੋਕਾਂ ਦਾ ਪੂਰਾ ਭਰੋਸਾ ਬਣਿਆ ਰਹਿਣਾ ਬਹੁਤ ਜ਼ਰੂਰੀ ਹੈ, ਪਰ ਅਮਲੀ ਤੌਰ ਤੇ ਕਈ ਵਾਰ ਇਹ ਵੇਖਣ ਵਿੱਚ ਆਉਂਦਾ ਹੈ ਕਿ ਹੈ ਕਿ ਕਿਸੇ ਵੀ ਤਰ੍ਹਾਂ ਦੇ ਭਾਈ ਭਤੀਜਾਵਾਦ, ਸਿਫ਼ਾਰਸ਼, ਪ੍ਰਭਾਵ ਜਾਂ ਭ੍ਰਿਸ਼ਟਾਚਾਰ ਲਈ ਕੋਈ ਥਾਂ ਨਾ ਰਹੇ। ਉਨ੍ਹਾਂ ਕਿਹਾ ਕਿ ਸ਼ਹੀਦਾਂ ਦੇ ਪਰਿਵਾਰਾਂ, ਨਿਸ਼ਕਾਮ ਸਮਾਜ ਸੇਵਕਾਂ ਅਤੇ ਅਸਲ ਯੋਗ ਵਿਅਕਤੀਆਂ ਨੂੰ ਉਨ੍ਹਾਂ ਦਾ ਬਣਦਾ ਸਨਮਾਨ ਨਿਰਪੱਖ ਢੰਗ ਨਾਲ ਮਿਲੇ। ਇਹ ਸੁਧਾਰ ਸਿਰਫ਼ ਵਿਅਕਤੀਆਂ ਲਈ ਨਹੀਂ, ਸਗੋਂ ਦੇਸ਼ ਦੀਆਂ ਲੋਕਤੰਤਰੀ ਸੰਸਥਾਵਾਂ ਅਤੇ ਰਾਸ਼ਟਰੀ ਸਨਮਾਨਾਂ ਦੀ ਮਰਿਆਦਾ ਨੂੰ ਹੋਰ ਮਜ਼ਬੂਤ ਕਰਨ ਲਈ ਵੀ ਬਹੁਤ ਮਹੱਤਵਪੂਰਨ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਮੁੱਦਿਆਂ ਤੇ ਗੰਭੀਰਤਾ ਨਾਲ ਵਿਚਾਰ ਕਰਕੇ ਯੋਗ ਨੀਤੀਗਤ ਯੋਗ ਕਦਮ ਚੁੱਕਣੇ ਸਮੇਂ ਦੀ ਅਹਿਮ ਲੋੜ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਠਠਿਆਰਾਂ ਗੇਟ ਦੇ ਬਾਹਰ ਅਤੇ ਆਲੇ-ਦੁਆਲੇ ਲੱਗੇ ਗੰਦਗੀ ਦੇ ਢੇਰ

ਡੇਂਗੂ, ਮਲੇਰੀਆ, ਟਾਈਫਾਈਡ ਵਰਗੀਆਂ ਬਿਮਾਰੀਆਂ ਨੂੰ ਦੇ ਰਹੇ ਸੱਦਾ



ਜੰਡਿਆਲਾ ਗੁਰੂ 5 ਨਵੰਬਰ (ਕੁਲਵੰਤ ਸਿੰਘ ਵਿਰਦੀ)-ਇੱਕ ਪਾਸੇ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਸਫਾਈ ਮੁਹਿੰਮ ਚਲਾਈ ਗਈ ਸੀ ਜਿਸ ਦੌਰਾਨ ਪੂਰੇ ਸ਼ਹਿਰ ਵਿੱਚ ਸਫਾਈ ਕੀਤੀ ਗਈ ਪਰ ਚਾਰ ਦਿਨ ਕੀ ਚਾਂਦਨੀ ਫਿਰ ਅੰਧੇਰੀ ਰਾਤ ਵਾਲਾ ਕਿੱਸਾ ਸਾਹਮਣੇ ਆਉਂਦਾ ਦਿਖਾਈ ਦੇ ਰਿਹਾ ਹੈ । ਜੰਡਿਆਲਾ ਗੁਰੂ ਦੇ ਠਠਿਆਰਾਂ ਗੇਟ ਦੇ ਬਾਹਰ ਅਤੇ ਆਲੇ-ਦੁਆਲੇ ਲੱਗੇ ਗੰਦਗੀ ਤੇ ਗਾਰ ਦੇ ਢੇਰ ਸਰਕਾਰੀ ਦਾਅਵਿਆਂ ਦੀ ਪੋਲ ਖੋਲ੍ਹ ਰਹੇ ਹਨ। ਮੁਹੱਲਾ ਨਿਵਾਸੀਆਂ ਅਨੁਸਾਰ ਪਿਛਲੇ ਕਈ ਦਿਨਾਂ ਤੋਂ ਇੱਥੇ ਕੂੜੇ ਦੇ ਢੇਰ ਲੱਗੇ ਹੋਏ ਹਨ। ਨਾਲ ਹੀ ਨਾਲੀਆਂ ਦੀ ਸਫਾਈ ਕਰਨ ਤੋਂ ਬਾਅਦ ਕੱਢੀ ਗਈ ਗਾਰ ਵੀ ਦੁਕਾਨਾਂ ਅਤੇ ਮਕਾਨਾਂ ਦੇ ਬਾਹਰ ਹੀ ਛੱਡ ਦਿੱਤੀ ਗਈ ਹੈ, ਜਿਸ ਨੂੰ ਕਰੀਬ ਇਕ ਹਫਤਾ ਬੀਤ ਜਾਣ ਤੇ ਵੀ ਅਜੇ ਤੱਕ ਨਹੀਂ ਚੁੱਕਿਆ ਗਿਆ। ਗਾਰ ਦੇ ਢੇਰਾਂ ਕਾਰਨ ਰਾਹਗੀਰਾਂ ਨੂੰ ਲੰਘਣ ਵਿੱਚ ਭਾਰੀ ਮੁਸ਼ਕਿਲ ਹੋ ਰਹੀ ਹੈ। ਸਭ ਤੋਂ ਵੱਡੀ ਸਮੱਸਿਆ ਇਹ ਹੈ ਕਿ ਗੰਦਗੀ ਦੇ ਢੇਰਾਂ ਦੇ ਬਿਲਕੁਲ ਕੋਲ ਹੀ ਇੱਕ ਬੇਕਰੀ ਦੀ ਦੁਕਾਨ ਹੈ। ਜਿੱਥੇ ਰੋਜ਼ਾਨਾ ਖਾਣ-ਪੀਣ ਦੀਆਂ ਚੀਜ਼ਾਂ ਬਣਦੀਆਂ ਅਤੇ ਵਿਕਦੀਆਂ ਹਨ। ਗੰਦਗੀ ਕਾਰਨ ਮੱਖੀਆਂ-ਮੱਛਰਾਂ ਦਾ ਭਾਰੀ ਪ੍ਰਕੋਪ ਹੋ ਗਿਆ ਹੈ, ਜਿਸ ਨਾਲ ਡੇਂਗੂ, ਮਲੇਰੀਆ, ਟਾਈਫਾਈਡ ਵਰਗੀਆਂ ਹੋਰ ਵੀ ਬਿਮਾਰੀਆਂ ਫੈਲਣ ਦਾ ਡਰ ਬਣਿਆ ਹੋਇਆ ਹੈ। ਮੁਹੱਲਾ ਨਿਵਾਸੀਆਂ ਦਾ ਕਹਿਣਾ ਹੈ ਕਿ ਜਦੋਂ ਸਫਾਈ ਵਾਲੀ ਟਰਾਲੀ ਵਾਲਿਆਂ ਨੂੰ ਕੂੜਾ ਚੁੱਕਣ ਲਈ ਕਿਹਾ ਗਿਆ ਤਾਂ ਉਨ੍ਹਾਂ ਨੇ ਕੂੜਾ ਚੁੱਕਣ ਤੋਂ ਮਨ੍ਹਾ ਕਰ ਦਿੱਤਾ। ਇਸ ਨਾਲ ਲੋਕਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ । ਦੀਵਾਲੀ ਦੇ ਦਿਨਾਂ ਕਰਕੇ ਦੁਕਾਨਦਾਰਾਂ ਅਤੇ ਮੁਹੱਲਾ ਨਿਵਾਸੀਆਂ ਦੀ ਇਸ ਗੰਦਗੀ ਕਾਰਣ ਪਰੇਸ਼ਾਨੀ ਹੋਰ ਵੱਧ ਗਈ ਹੈ।ਤਿਉਹਾਰਾਂ 'ਤੇ ਗਾਹਕਾਂ ਦਾ ਆਉਣਾ-ਜਾਣਾ ਵਧ ਜਾਂਦਾ ਹੈ, ਪਰ ਗੰਦਗੀ ਕਾਰਨ ਗਾਹਕ ਦੁਕਾਨਾਂ 'ਤੇ ਆਉਣ ਤੋਂ ਕਤਰਾ ਰਹੇ ਹਨ, ਜਿਸ ਨਾਲ ਦੁਕਾਨਦਾਰਾਂ ਦਾ ਕਾਰੋਬਾਰ ਵੀ ਪ੍ਰਭਾਵਿਤ ਹੋ ਰਿਹਾ ਹੈ। ਮੁਹੱਲਾ ਨਿਵਾਸੀਆਂ ਅਤੇ ਦੁਕਾਨਦਾਰਾਂ ਅਨੁਸਾਰ ਨਗਰ ਕੌਂਸਲ ਅਧਿਕਾਰੀਆਂ ਨੂੰ ਇਸ ਸਬੰਧੀ ਸੂਚਿਤ ਕਰ ਦਿੱਤਾ ਗਿਆ ਹੈ। ਉਨ੍ਹਾਂ ਮੰਗ ਕੀਤੀ ਹੈ ਕਿ ਤੁਰੰਤ ਗੰਦਗੀ ਅਤੇ ਗਾਰ ਦੇ ਢੇਰ ਚੁੱਕ ਕੇ ਸਫਾਈ ਕਰਵਾਈ ਜਾਵੇ ।

ਆਵਾਜ਼ਿ ਕੌਮ AWAZE QAUM International Newspaper & WEB TV

ਮੁਹੱਲਾ ਨਿਵਾਸੀਆਂ ਦਾ ਕਹਿਣਾ ਸਫਾਈ ਕਰਨ ਤੋਂ ਬਾਅਦ ਕੱਢੀ ਗਈ ਗਾਰ ਵੀ ਦੁਕਾਨਾਂ ਅਤੇ ਮਕਾਨਾਂ ਦੇ ਬਾਹਰ ਹੀ ਛੱਡ ਦਿੱਤੀ ਗਈ

ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਸ਼ੁਭਮ ਸ਼ਰਮਾ ਸ਼ੁਭੀ ਦੀ ਅਗਵਾਈ ਹੇਠ ਧੂਰੀ ਤੋਂ ਹਜ਼ਾਰਾਂ ਕਾਂਗਰਸੀ ਵਰਕਰਾਂ ਨੇ ਸੰਗਰੂਰ ਦੀ ਇਨਸਾਫ਼ ਰੈਲੀ ਵਿੱਚ ਕੀਤੀ ਸ਼ਮੂਲੀਅਤ





ਧੂਰੀ ਤੋਂ ਪਹੁੰਚੇ ਵਿਸ਼ਾਲ ਇਕੱਠ ਨੇ ਰੈਲੀ ਵਿੱਚ ਭਰੀ ਨਵੀਂ ਰੂਹ; ਵਰਕਰਾਂ ਦਾ ਜੋਸ਼ ਅਤੇ ਲੋਕਾਂ ਦਾ ਮਿਲ ਰਿਹਾ ਪਿਆਰ ਕਾਂਗਰਸ ਪ੍ਰਤੀ ਸਮਰਥਨ ਦਾ ਪ੍ਰਗਟਾਵਾ — ਸ਼ੁਭਮ ਸ਼ਰਮਾ ਸ਼ੁਭੀ

ਧੂਰੀ (ਰਣਜੀਤ ਸਿੰਘ ਪੇਧਨੀ)-ਸੰਗਰੂਰ ਵਿਖੇ ਆਯੋਜਿਤ ਇਨਸਾਫ਼ ਰੈਲੀ ਵਿੱਚ ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਸ਼ੁਭਮ ਸ਼ਰਮਾ ਸ਼ੁਭੀ ਦੀ ਅਗਵਾਈ ਹੇਠ ਧੂਰੀ ਵਿਧਾਨ ਸਭਾ ਹਲਕੇ ਤੋਂ ਹਜ਼ਾਰਾਂ ਦੀ ਤਾਦਾਦ ਵਿੱਚ ਕਾਂਗਰਸੀ ਵਰਕਰਾਂ ਅਤੇ ਸਮਰਥਕਾਂ ਨੇ ਪੂਰੇ ਜੋਸ਼, ਉਤਸ਼ਾਹ ਅਤੇ ਇਕਜੁੱਟਤਾ ਨਾਲ ਸ਼ਮੂਲੀਅਤ ਕੀਤੀ। ਧੂਰੀ ਤੋਂ ਪਹੁੰਚੇ ਵੱਡੇ ਕਾਫ਼ਲੇ ਅਤੇ ਵਰਕਰਾਂ ਦੇ ਠਾਠਾਂ ਮਾਰਦੇ ਇਕੱਠ ਨੇ ਰੈਲੀ ਵਿੱਚ ਆਪਣੀ ਮਜ਼ਬੂਤ ਹਾਜ਼ਰੀ ਦਰਜ ਕਰਵਾਈ। ਇਸ ਮੌਕੇ ਸ਼ੁਭਮ ਸ਼ਰਮਾ ਸ਼ੁਭੀ ਨੇ ਕਿਹਾ ਕਿ ਧੂਰੀ ਹਲਕੇ ਤੋਂ ਹਜ਼ਾਰਾਂ ਵਰਕਰਾਂ ਦਾ ਇਨਸਾਫ਼ ਰੈਲੀ ਵਿੱਚ ਪਹੁੰਚਣਾ ਕਾਂਗਰਸ ਪਾਰਟੀ ਨਾਲ ਜੁੜੇ ਵਰਕਰਾਂ ਦੇ ਜੋਸ਼, ਮਿਹਨਤ ਅਤੇ ਸਮਰਪਣ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਜਦੋਂ ਵੀ ਪਾਰਟੀ ਵੱਲੋਂ ਕੋਈ ਸੱਦਾ ਦਿੱਤਾ ਜਾਂਦਾ ਹੈ ਤਾਂ ਧੂਰੀ ਦੇ ਕਾਂਗਰਸੀ ਵਰਕਰ ਹਮੇਸ਼ਾ ਮੋਹਰੀ ਹੋ ਕੇ ਆਪਣੀ ਜ਼ਿੰਮੇਵਾਰੀ ਨਿਭਾਉਂਦੇ ਹਨ। ਸ਼ੁਭੀ ਨੇ ਕਿਹਾ ਕਿ ਪੰਜਾਬ ਦੇ ਲੋਕ ਅੱਜ ਬੇਰੁਜ਼ਗਾਰੀ, ਨਸ਼ਿਆਂ, ਕਾਨੂੰਨ ਵਿਵਸਥਾ ਅਤੇ ਹੋਰ ਕਈ ਗੰਭੀਰ ਮੁੱਦਿਆਂ ਨੂੰ ਲੈ ਕੇ ਜਵਾਬ ਮੰਗ ਰਹੇ ਹਨ। ਇਨਸਾਫ਼ ਰੈਲੀ ਰਾਹੀਂ ਲੋਕਾਂ ਦੀਆਂ ਆਵਾਜ਼ਾਂ ਅਤੇ ਉਨ੍ਹਾਂ ਦੀਆਂ ਉਮੀਦਾਂ ਨੂੰ ਮਜ਼ਬੂਤੀ ਨਾਲ ਉਠਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਲੋਕਾਂ ਦੇ ਹੱਕਾਂ ਅਤੇ ਇਨਸਾਫ਼ ਦੀ ਲੜਾਈ ਵਿੱਚ ਲੋਕਾਂ ਦੇ ਨਾਲ ਖੜ੍ਹੀ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਧੂਰੀ ਦੇ ਲੋਕਾਂ ਵੱਲੋਂ ਮਿਲ ਰਿਹਾ ਪਿਆਰ, ਸਹਿਯੋਗ ਅਤੇ ਵਰਕਰਾਂ ਦਾ ਇਹ ਉਤਸ਼ਾਹ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਇੱਕ ਮਹੱਤਵਪੂਰਨ ਸੰਕੇਤ ਹੈ। ਉਨ੍ਹਾਂ ਆਪਣਾ ਵਿਸ਼ਵਾਸ ਪ੍ਰਗਟ ਕਰਦਿਆਂ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਧੂਰੀ ਹਲਕੇ ਤੋਂ ਕਾਂਗਰਸ ਪਾਰਟੀ ਦੇ ਹੱਕ ਵਿੱਚ ਲੋਕਾਂ ਦਾ ਸਮਰਥਨ ਮਹੱਤਵਪੂਰਨ ਰਹੇਗਾ। ਸ਼ੁਭਮ ਸ਼ਰਮਾ ਸ਼ੁਭੀ ਨੇ ਰੈਲੀ ਵਿੱਚ ਸ਼ਮੂਲੀਅਤ ਕਰਨ ਵਾਲੇ ਸਮੂਹ ਕਾਂਗਰਸੀ ਆਗੂਆਂ, ਪੰਜਾਬ ਯੂਥ ਕਾਂਗਰਸ ਦੇ ਅਹੁਦੇਦਾਰਾਂ, ਧੂਰੀ ਹਲਕੇ ਦੇ ਵਰਕਰਾਂ ਅਤੇ ਸਮਰਥਕਾਂ ਦਾ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਵਰਕਰ ਹੀ ਪਾਰਟੀ ਦੀ ਅਸਲ ਤਾਕਤ ਹਨ। ਉਨ੍ਹਾਂ ਕਿਹਾ ਕਿ ਸਾਰੇ ਸਾਥੀਆਂ ਦੀ ਮਿਹਨਤ ਅਤੇ ਇਕਜੁੱਟਤਾ ਨਾਲ ਲੋਕਾਂ ਦੇ ਮੁੱਦਿਆਂ ਦੀ ਆਵਾਜ਼ ਨੂੰ ਹੋਰ ਬੁਲੰਦ ਕੀਤਾ ਜਾਵੇਗਾ ਅਤੇ ਧੂਰੀ ਦੇ ਵਿਕਾਸ ਤੇ ਲੋਕਾਂ ਦੇ ਹੱਕਾਂ ਲਈ ਸੰਘਰਸ਼ ਲਗਾਤਾਰ ਜਾਰੀ ਰਹੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

ਸੰਗੀਤਾ ਕੁਮਾਰੀ ਜ਼ਿਲ੍ਹਾ ਪ੍ਰੀਸ਼ਦ ਦੀ ਚੇਅਰਪਰਸਨ ਅਤੇ ਕੁਲਦੀਪ ਕੁਮਾਰ ਵਾਈਸ ਚੇਅਰਮੈਨ ਚੁਣੇ ਗਏ

ਹੁਸ਼ਿਆਰਪੁਰ, 5 ਨਵੰਬਰ (ਆਵਾਜ਼ਿ ਕੌਮ ਬਿਊਰੋ)-ਸਥਾਨਕ ਜ਼ਿਲ੍ਹਾ ਪ੍ਰੀਸ਼ਦ ਦੀ ਹੋਈ ਚੋਣ ਦੌਰਾਨ ਸਰਬਸੰਮਤੀ ਨਾਲ ਆਮ ਆਦਮੀ ਪਾਰਟੀ ਦੇ ਸੰਗੀਤਾ ਕੁਮਾਰੀ ਨੂੰ ਚੇਅਰਪਰਸਨ ਅਤੇ ਕੁਲਦੀਪ ਕੁਮਾਰ ਨੂੰ ਵਾਈਸ ਚੇਅਰਮੈਨ ਚੁਣਿਆ ਗਿਆ।ਮੈਂਬਰ ਪਾਰਲੀਮੈਂਟ ਡਾ.ਰਾਜ ਕੁਮਾਰ ਚੱਬੇਵਾਲ, ਹਲਕਾ ਟਾਂਡਾ ਤੋਂ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ, ਹਲਕਾ ਦਸੂਹਾ ਤੋਂ ਵਿਧਾਇਕ ਕਰਮਬੀਰ ਸਿੰਘ ਘੁੰਮਣ, ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਗੁਰਬਿੰਦਰ ਸਿੰਘ ਪਾਬਲਾ, ਮੁਕੇਰੀਆਂ ਦੇ ਹਲਕਾ ਇੰਚਾਰਜ ਸਰਬਜੋਤ ਸਿੰਘ ਸਾਬੀ ਅਤੇ ਹੋਰਨਾਂ ਸ਼ਖਸੀਅਤਾਂ ਨੇ ਨਵੀਂ ਚੁਣੀ ਚੇਅਰਪਰਸਨ ਅਤੇ ਵਾਈਸ ਚੇਅਰਮੈਨ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਜ਼ਿਕਰਯੋਗ ਹੈ ਕਿ ਜ਼ਿਲ੍ਹਾ ਪ੍ਰੀਸ਼ਦ ਦੇ ਕੁੱਲ 35 ਮੈਂਬਰ ਸਮੇਤ 10 ਸੰਮਤੀ ਚੇਅਰਮੈਨਾਂ ਵਿਚੋਂ 24 ਮੈਂਬਰ ਮੌਜੂਦ ਸਨ ਜਿਨ੍ਹਾਂ ਵਲੋਂ ਸਰਬਸੰਮਤੀ ਨਾਲ ਸੰਗੀਤਾ ਕੁਮਾਰੀ ਅਤੇ ਕੁਲਦੀਪ ਕੁਮਾਰ ਨੂੰ ਕ੍ਰਮਵਾਰ ਚੇਅਰਪਰਸਨ ਅਤੇ ਵਾਈਸ ਚੇਅਰਮੈਨ ਚੁਣਿਆ ਗਿਆ। ਨਵੇਂ ਚੁਣੇ ਚੇਅਰਪਰਸਨ ਸੰਗੀਤਾ ਕੁਮਾਰੀ ਨੇ ਸਮੂਹ ਮੈਂਬਰਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਜ਼ਿਲ੍ਹਾ ਪ੍ਰੀਸ਼ਦ ਵਲੋਂ ਪਿੰਡਾਂ ਦੇ ਵਿਕਾਸ ਕਾਰਜਾਂ ਨੂੰ ਪੂਰੀ ਤਰਜੀਹ ਦੇ ਕੇ ਮੁਕੰਮਲ ਕਰਵਾਉਣ ਦੇ ਨਾਲ-ਨਾਲ ਲੋੜੀਂਦੇ ਵਿਕਾਸ ਕੰਮਾਂ ਦੀ ਸ਼ੁਰੂਆਤ ਵੀ ਕੀਤੀ ਜਾਵੇਗੀ। ਵਾਈਸ ਚੇਅਰਮੈਨ ਕੁਲਦੀਪ ਕੁਮਾਰ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਪਿੰਡਾਂ ਦੇ ਚਹੁੰਮੁਖੀ ਵਿਕਾਸ ਦੀ ਰਫ਼ਤਾਰ ਨੂੰ ਜ਼ਿਲ੍ਹੇ ਵਿਚ ਹੋਰ ਤੇਜ਼ ਕਰਦਿਆਂ ਪਿੰਡਾਂ ਦੀ ਨੁਹਾਰ ਬਦਲਣ ਵਿਚ ਕੋਈ ਕਮੀ ਨਹੀਂ ਛੱਡੀ ਜਾਵੇਗੀ।ਮੈਂਬਰ ਪਾਰਲੀਮੈਂਟ ਡਾ.ਰਾਜ ਕੁਮਾਰ ਚੱਬੇਵਾਲ ਨੇ ਨਵੇਂ ਚੁਣੇ ਆਗੂਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਵਿਕਾਸ ਕਾਰਜਾਂ ਲਈ ਪਿੰਡਾਂ ਵਿਚ ਗਰਾਂਟਾਂ ਦੀ ਕੋਈ ਥੁੜ ਨਹੀਂ ਰਹਿਣ ਦਿੱਤੀ ਜਾਵੇਗੀ ਅਤੇ ਜ਼ਿਲ੍ਹਾ ਪ੍ਰੀਸ਼ਦ ਰਾਹੀਂ ਲੋੜੀਂਦੇ ਕੰਮਾਂ ਨੂੰ ਪੂਰੀ ਸੁਹਿਰਦਤਾ ਨਾਲ ਮੁਕੰਮਲ ਕਰਵਾਇਆ ਜਾਵੇਗਾ।ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਅਤੇ ਵਿਧਾਇਕ ਕਰਮਬੀਰ ਸਿੰਘ ਘੁੰਮਣ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਜ਼ਿਲ੍ਹੇ ਦੇ ਪਿੰਡਾਂ ਵਿਚ ਵੱਡੇ ਪੱਧਰ 'ਤੇ ਵਿਕਾਸ ਕਾਰਜ ਕਰਵਾਏ ਗਏ ਹਨ ਅਤੇ ਰਹਿੰਦੇ ਕੰਮਾਂ ਨੂੰ ਆਉਂਦੇ ਸਮੇਂ ਵਿਚ ਜੰਗੀ ਪੱਧਰ 'ਤੇ ਕਰਵਾਇਆ ਜਾਵੇਗਾ।ਮੁਕੇਰੀਆਂ ਤੋਂ ਹਲਕਾ ਇੰਚਾਰਜ ਸਰਬਜੋਤ ਸਿੰਘ ਸਾਬੀ ਨੇ ਕਿਹਾ ਕਿ ਸੰਗੀਤਾ ਕੁਮਾਰੀ, ਜੋ ਮੁਕੇਰੀਆਂ ਹਲਕੇ ਨਾਲ ਸਬੰਧਤ ਹਨ, ਆਪਣੀ ਜ਼ਿੰਮੇਵਾਰੀ ਨੂੰ ਪੂਰੀ ਸਮਰਪਣ ਭਾਵਨਾ ਨਾਲ ਨਿਭਾਉਂਦੇ ਹੋਏ ਜ਼ਿਲ੍ਹਾ ਪ੍ਰੀਸ਼ਦ ਨੂੰ ਲੋਕਹਿੱਤ ਕੰਮਾਂ ਵਿਚ ਨਵੇਂ ਮੁਕਾਮ 'ਤੇ ਲੈ ਕੇ ਜਾਣਗੇ। ਇਸ ਮੌਕੇ ਐਸ.ਡੀ.ਐਮ ਪਰਮਪ੍ਰੀਤ ਸਿੰਘ ਵੀ ਮੌਜੂਦ ਸਨ।

